ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ



ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ



VOL-13 ISSUE 2398 | 9 March, 2026 Monday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ਼ ਦੁਨੀਆਂ | +1 (209) 303-1260


# ਨਿਊਜ਼ੀਲੈਂਡ ਨੂੰ ਹਰਾ ਕੇ ਭਾਰਤ ਤੀਜੀ ਵਾਰ ਬਣਿਆ ਵਿਸ਼ਵ ਚੈਂਪੀਅਨ

## ਸੰਜੂ ਸੈਮਸਨ ਬਣੇ ਜਿੱਤ ਦੇ ਹੀਰੋ, ਰਿਕਾਰਡਾਂ ਦੀ ਲੱਗੀ ਝੜੀ

ਅਹਿਮਦਾਬਾਦ
ਸਾਂਝੀ ਸੋਚ ਬਿਊਰੋ

ਭਾਰਤ ਨੇ ਨਿਊਜ਼ੀਲੈਂਡ ਨੂੰ ਹਰਾ ਕੇ ਟੀ-20 ਵਿਸ਼ਵ ਕੱਪ 2026 ਦਾ ਖਿਤਾਬ ਜਿੱਤ ਲਿਆ ਹੈ। ਦੱਸ ਦਈਏ ਕਿ ਟੀਮ ਇੰਡੀਆ ਨੇ ਨਿਊਜ਼ੀਲੈਂਡ ਨੂੰ 96 ਦੌੜਾਂ ਨਾਲ ਹਰਾ ਕੇ ਤੀਜੀ ਵਾਰ ਟੀ-20 ਵਿਸ਼ਵ ਕੱਪ ਦਾ ਖਿਤਾਬ ਆਪਣੇ ਨਾਮ ਕੀਤਾ ਹੈ। ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ ਟੀ-20 ਵਿਸ਼ਵ ਕੱਪ 2026 ਦਾ ਫਾਈਨਲ ਮੈਚ ਅੱਜ ਐਤਵਾਰ ਨੂੰ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਖੇਡਿਆ ਗਿਆ। ਜਿੱਥੇ ਨਿਊਜ਼ੀਲੈਂਡ ਦੇ ਕਪਤਾਨ ਮਿਸ਼ੇਲ ਸੈਂਟਨਰ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ। ਜਿਸ ਤੋਂ ਬਾਅਦ ਟਾਸ ਹਾਰ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ ਟੀਮ ਇੰਡੀਆ ਨੇ 20 ਓਵਰਾਂ ਵਿੱਚ 5 ਵਿਕਟਾਂ ਦੇ ਨੁਕਸਾਨ 'ਤੇ 255 ਦੌੜਾਂ ਬਣਾਈਆਂ ਅਤੇ ਨਿਊਜ਼ੀਲੈਂਡ ਸਾਹਮਣੇ 256 ਦੌੜਾਂ ਦਾ ਟੀਚਾ ਰੱਖਿਆ। 256 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ ਨਿਊਜ਼ੀਲੈਂਡ ਦੀ ਟੀਮ 19 ਓਵਰਾਂ ਵਿੱਚ 159 ਦੌੜਾਂ ਤੇ ਹੀ ਸਿਮਟ ਗਈ। ਭਾਰਤ ਲਈ ਸੰਜੂ ਸੈਮਸਨ ਨੇ 46 ਗੇਂਦਾਂ 'ਤੇ 89 ਦੌੜਾਂ ਬਣਾਈਆਂ।

ਸੈਮਸਨ ਟੀ-20 ਵਿਸ਼ਵ ਕੱਪ ਫਾਈਨਲ ਵਿੱਚ ਸਭ ਤੋਂ ਵੱਧ ਦੌੜਾਂ ਬਣਾਉਣ ਵਾਲੇ ਖਿਡਾਰੀ ਬਣ ਗਏ ਹਨ। ਸੈਮਸਨ ਨੇ ਵੈਸਟਇੰਡੀਜ਼ ਦੇ ਮਾਰਲੋਨ ਸੈਮੂਅਲਜ਼ ਦਾ 85 ਦੌੜਾਂ ਦਾ ਰਿਕਾਰਡ ਤੋੜਿਆ। ਇਸ ਤੋਂ ਇਲਾਵਾ ਟੀਮ ਇੰਡੀਆ ਲਈ ਅਭਿਸ਼ੇਕ ਸ਼ਰਮਾ ਨੇ 52 ਅਤੇ ਈਸ਼ਾਨ ਕਿਸ਼ਨ ਨੇ 54 ਦੌੜਾਂ ਬਣਾਈਆਂ। ਨਿਊਜ਼ੀਲੈਂਡ ਵੱਲੋਂ ਜਿੰਮੀ ਨੀਸ਼ਮ ਨੇ 3 ਵਿਕਟਾਂ ਲਈਆਂ। ਗੌਰਤਲਬ ਹੈ ਕਿ ਇੰਡੀਆ ਨੇ ਇਸ ਤੋਂ ਪਹਿਲਾਂ 2007 ਅਤੇ 2024, ਵੈਸਟ ਇੰਡੀਜ਼ ਨੇ 2012 ਅਤੇ 2016, ਇੰਗਲੈਂਡ ਨੇ 2010 ਅਤੇ 2022 ਵਿੱਚ 2-2 ਵਾਰ ਵਿਸ਼ਵ ਕੱਪ ਆਪਣੇ ਨਾਮ ਕੀਤਾ ਹੋਇਆ ਹੈ। ਪਰ ਹੁਣ 2026 ਦਾ ਮੈਚ ਜਿੱਤਣ ਤੋਂ ਬਾਅਦ ਭਾਰਤ ਤਿੰਨ ਵਾਰ ਟੀ-20 ਵਿਸ਼ਵ ਕੱਪ ਚੈਂਪੀਅਨ ਬਣਨ ਵਾਲਾ ਇਕਲੌਤਾ ਦੇਸ਼ ਹੈ। ਇਸਤੋਂ ਇਲਾਵਾ ਪਾਕਿਸਤਾਨ ਨੇ 2009, ਸ੍ਰੀ ਲੰਕਾ ਨੇ 2014 ਅਤੇ ਆਸਟ੍ਰੇਲੀਆ ਨੇ 2021 ਵਿੱਚ ਵਿਸ਼ਵ ਕੱਪ ਜਿੱਤਿਆ ਹੈ। ਇਸ ਤੋਂ ਇਲਾਵਾ ਨਿਊਜ਼ੀਲੈਂਡ ਦੀ ਟੀਮ ਹਜੇ ਤੱਕ ਇੱਕ ਵਾਰ ਵੀ ਵਿਸ਼ਵ ਕੱਪ ਨਹੀਂ ਜਿੱਤੀ ਹੈ।





Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality
Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸ਼ੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਹਨ। ਇੰਦਰਜੀਤ ਮਾਨ ਕੋਲ ਹੈਲਥ ਇੰਸ਼ੋਰੈਂਸ ਦਾ ਲੰਬੇ ਸਮੇਂ ਦਾ ਤਜਰਬਾ ਹੈ।
Anthem
Certified Insurance Agent
Inderjeet Singh Mann
CA Lic# 0H82488
Ph.: (916) 900-2000

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com
www.thepalfilms.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS



**Jaswant S.Pannu**
Office: 209-900-1994
Cell: 408-340-0157
jaswantpannu@yahoo.com



**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



Apply online at www.lendingassets.com and check out the live lowest rates on our website


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER
ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਲੈ: ਕਰਨਲ ਨਿਸ਼ਾਨ ਦਾ ਕੈਲੰਡਰ ਵਿਗਿਆਨ ਮੁੱਢਲੇ ਗਿਆਨ ਤੋਂ ਕੋਰਾ ਹੋਣ ਦਾ ਪ੍ਰਤੱਖ ਸਬੂਤ




ਨਾਨਕਸ਼ਾਹੀ ਕੈਲੰਡਰ ਦਾ ਕੱਟੜ ਵਿਰੋਧੀ, ਲੈ: ਕਰਨਲ ਸੁਰਜੀਤ ਸਿੰਘ ਨਿਸ਼ਾਨ ਪਿਛਲੇ ਢਾਈ ਦਹਾਕਿਆਂ ਤੋਂ ਇਹ ਛੁਣਛੁਣਾ ਖੜਕਾ ਰਿਹਾ ਹੈ ਕਿ ਨਾਨਕਸ਼ਸਾਹੀ ਕੈਲੰਡਰ ਦੀਆਂ ਸਾਰੀਆਂ ਤਾਰੀਖਾਂ ਹੀ 4-7 ਦਿਨ੍ਹਾਂ ਦੇ ਫ਼ਰਕ ਨਾਲ ਗਲਤ ਹਨ। ਅਖੌਤੀ ਸੰਤ ਸਮਾਜ ਦਾ ਨੁਮਾਇਦਾ, ਆਪਣੇ ਇਸੇ ਦਾਵੇ ਤੇ ਵਿਚਾਰ ਕਰਨ ਤੋਂ ਹਰ ਵਾਰ ਮੁੱਖ ਮੋੜ ਜਾਂਦਾ ਰਿਹਾ ਹੈ। ਭਾਵੇ ਅੱਜ ਸਾਡਾ ਵਿਸ਼ਾ ਇਹ ਨਹੀਂ ਹੈ ਪਰ, ਪਾਠਕਾਂ ਦੀ ਜਾਣਕਾਰੀ ਲਈ ਇਕ ਉਦਾਹਰਣ ਦੇਣੀ ਕੁਥਾਂ ਨਹੀਂ ਹੋਵੇਗੀ।

ਕਰਨਲ ਨਿਸ਼ਾਨ ਦੇ ਬਚਨ, "23 ਪੋਹ ਨੂੰ 5 ਜਨਵਰੀ ਨਾਲ ਨੱਥੀ ਕਰ ਕੇ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪ੍ਰਕਾਸ਼ ਦਿਨ ਦੀ ਸੂਰਜੀ ਤਾਰੀਖ਼ 4 ਦਿਨ ਗਲਤ ਮਿਥ ਲਈ ਗਈ।.. ਇਸੇ ਤਰ੍ਹਾਂ ਬਾਕੀ ਸਾਰੇ ਗੁਰਪੁਰਬਾਂ ਦੀਆਂ ਤਾਰੀਖ਼ਾਂ ਵਿੱਚ ਵੀ 4 ਤੋਂ 7 ਦਿਨਾਂ ਤੱਕ ਦੀ ਗਲਤੀ ਕੀਤੀ ਗਈ ਹੈ"। (ਗੁਰਪੁਰਬ ਦਰਪਣ, ਪੰਨਾ 24) ਕਰਨਲ ਨਿਸ਼ਾਨ ਨੇ, ਆਪਣੇ ਇਸ ਦਾਵੇ ਤੇ ਵਿਚਾਰ ਕਰਨ ਲਈ ਕਦੇ ਵੀ ਹੁੰਗਾਰਾ ਨਹੀਂ ਭਰਿਆ।

ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੀ ਤਾਰੀਖ 23 ਪੋਹ, ਪੋਹ ਸੁਦੀ 7, ਸੰਮਤ 1723 ਬਿਕ੍ਰਮੀ ਸਬੰਧੀ ਕੋਈ ਵੀ ਮੱਤ-ਭੇਦ ਨਹੀਂ ਹੈ। ਪੰਜਾਬ ਉੱਪਰ ਅੰਗਰੇਜਾਂ ਦਾ ਕਬਜਾ ਹੋਣ ਤੋਂ ਪਿਛੋਂ, ਜਦੋਂ ਅੰਗਰੇਜੀ ਤਾਰੀਖਾਂ ਲਿਖਣ ਦਾ ਰਿਵਾਜ ਪਿਆ ਤਾਂ ਇਹ ਤਾਰੀਖ 22 ਦਸੰਬਰ 1666 ਈ: (ਜੂਲੀਅਨ) ਲਿਖੀ ਗਈ।

ਕੈਲੰਡਰ ਕਮੇਟੀ ਵੱਲੋਂ ਕੀਤੇ ਫੈਸਲੇ ਮੁਤਾਬਕ, ਇਤਿਹਾਸਿਕ ਤਾਰੀਖਾਂ ਨੂੰ ਨਾਨਕਸ਼ਾਹੀ ਕੈਲੰਡਰ ਵਿੱਚ ਬਦਲੀ ਕਰਨ ਵੇਲੇ ਅੰਗਰੇਜੀ ਤਾਰੀਖਾਂ ਨੂੰ ਨਹੀਂ, ਪ੍ਰਵਿਸ਼ਟਿਆ ਨੂੰ ਮੁੱਖ ਰੱਖਿਆ ਜਾਵੇਗਾ", ਇਸ ਕਾਰਨ 23 ਪੋਹ ਨੂੰ ਮੁੱਖ ਰੱਖਿਆ ਗਿਆ ਹੈ। ਜੋ ਨਾਨਕਸ਼ਾਹੀ ਕੈਲੰਡਰ ਮੁਤਾਬਕ 23 ਪੋਹ, 5 ਜਨਵਰੀ ਬਣਦੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਨਾਨਕਸ਼ਾਹੀ ਕੈਲੰਡਰ ਦੇ ਨਾਮ ਹੇਠ ਛਾਪੇ ਜਾਂਦੇ, "ਚੰਦਰ-ਸੂਰਜੀ ਬਿਕ੍ਰਮੀ (ਦ੍ਰਿਕਗਿਣਤ ਸਿਧਾਂਤ) ਕੈਲੰਡਰ ਮੁਤਾਬਕ, 23 ਪੋਹ ਇਸ ਸਾਲ 6 ਜਨਵਰੀ ਨੂੰ ਆਈ ਸੀ। ਪਰ, ਕਰਨਲ ਨਿਸ਼ਾਨ ਦਾ ਮੰਨਣਾ ਹੈ ਕਿ ਇਹ 1 ਜਨਵਰੀ ਬਣਦੀ ਹੈ, 5 ਜਨਵਰੀ, 4 ਦਿਨਾਂ ਦੇ ਫ਼ਰਕ ਨਾਲ ਗਲਤ ਹੈ। ਜਦੋਂ ਮੋੜਵਾਂ ਸਵਾਲ ਕੀਤਾ ਗਿਆ ਗਿਆ ਕਿ ਜਿਹੜੇ ਫਾਰਮੂਲੇ ਨਾਲ 23 ਪੋਹ 1723 ਬਿ: (22 ਦਸੰਬਰ 1666ਈ: ਜੂਲੀਅਨ) 1 ਜਨਵਰੀ ਬਣਦੀ ਹੈ, ਉਸ ਫਾਰਮੂਲੇ ਨਾਲ, 1 ਵੈਸਾਖ ਸੰਮਤ 1756 ਬਿ: (29 ਮਾਰਚ 1699 ਈ: ਜੂਲੀਅਨ) ਦੀ, ਅੱਜ ਕਿੰਨੀ ਤਾਰੀਖ ਬਣਦੀ ਹੈ? ਤਾਂ ਕਰਨਲ ਨਿਸ਼ਾਨ '8 ਅਪ੍ਰੈਲ' ਕਹਿਣ ਦਾ ਹੌਸਲਾ ਨਹੀਂ ਸੀ ਕਰ ਸਕਿਆ। ਪਾਠਕਾਂ ਦੀ ਜਾਣਕਾਰੀ ਲਈ ਬੇਨਤੀ ਹੈ ਕਿ 29 ਮਾਰਚ 1699 ਈ: (ਜੂਲੀਅਨ) ਦੀ 8 ਅਪ੍ਰੈਲ (ਗ੍ਰੈਗੋਰੀਅਨ) ਬਣਦੀ ਹੈ। ਅਗਲਾ ਸਵਾਲ, ਕੀ ਸਾਨੂੰ ਵੈਸਾਖੀ (1 ਵੈਸਾਖ) 8 ਅਪ੍ਰੈਲ ਨੂੰ ਪ੍ਰਵਾਨ ਹੈ? ਜੇ ਜਵਾਬ ਹਾਂ ਵਿੱਚ ਹੈ ਤਾਂ ਚੇਤ ਦਾ ਆਰੰਭ ਵੀ 8 ਮਾਚਰ ਨੂੰ ਕਰਨਾ ਪਵੇਗਾ ਅਤੇ ਜੇਠ ਦਾ ਆਰੰਭ 9 ਮਈ ਨੂੰ ਕਰਨਾ ਪਵੇਗਾ। ਕਰਨਲ ਨਿਸ਼ਾਨ ਨੂੰ ਵਾਰ-ਵਾਰ ਬੇਨਤੀਆਂ ਕਰਨ ਤੇ, ਕਿ 12 ਮਹੀਨਿਆ ਦੇ ਆਰੰਭ ਦੀਆਂ ਤਾਰੀਖਾਂ (ਸੰਗਰਾਂਦ) ਲਿਖਤੀ ਰੂਪ ਵਿੱਚ ਭੇਜੀਆਂ ਜਾਣ, ਸਾਡੀ ਇਹ ਬੇਨਤੀ ਕਦੇ ਵੀ ਪ੍ਰਵਾਨ ਨਹੀਂ ਕੀਤੀ।

ਅੱਜ ਦਾ ਵਿਸ਼ਾ ਹੈ; ਮਲ-ਮਾਸ।

ਚੰਦਰ-ਸੂਰਜੀ ਬਿਕ੍ਰਮੀ ਕੈਲੰਡਰ ਵਿੱਚ, ਚੰਦ ਦੇ ਮਹੀਨੇ ਅਤੇ ਸੂਰਜੀ ਮਹੀਨੇ ਇਕੱਠੇ ਚਲਦੇ ਹਨ। ਚੰਦ ਦਾ ਸਾਲ (354.37 ਦਿਨ) ਸੂਰਜੀ ਸਾਲ (365.2563 ਦਿਨ) ਤੋਂ ਲੱਗ-ਭੱਗ 11 ਦਿਨ ਛੋਟਾ ਹੁੰਦਾ ਹੈ। ਜਦੋਂ ਇਕ ਸਾਲ ਵਿੱਚ 11 ਦਿਨ, ਦੂਜੇ ਸਾਲ 22 ਦਿਨ ਅਤੇ ਤੀਜੇ ਸਾਲ 33 ਦਿਨ, ਸੂਰਜੀ ਸਾਲ ਤੋਂ ਪਿਛੇ ਰਹਿ ਜਾਂਦਾ ਹੈ ਤਾਂ, ਚੰਦ ਦੇ ਸਾਲ ਨੂੰ, ਸੂਰਜੀ ਸਾਲ ਦੇ ਨੇੜੇ ਤੇੜੇ ਰੱਖਣ ਲਈ, ਇਕ ਵਾਧੂ ਮਹੀਨਾ ਜੋੜ ਦਿੱਤਾ ਜਾਂਦਾ ਹੈ। ਇਸ ਨੂੰ ਮਲ-ਮਾਸ ਕਹਿੰਦੇ ਹਨ। ਇਸ ਮਹੀਨੇ ਵਿੱਚ ਕੋਈ ਵੀ ਸ਼ੁੱਭ ਕੰਮ ਨਹੀਂ ਕੀਤਾ ਜਾਂਦਾ। ਇਸ ਸਾਲ ਵਿੱਚ ਸਾਲ ਦੇ 13 ਮਹੀਨੇ ਅਤੇ 384/385 ਦਿਨ ਹੋ ਜਾਂਦੇ ਹਨ। ਨਵੇਂ ਸਾਲ ਭਾਵ ਸੰਮਤ 2083 ਬਿ: ਵਿੱਚ ਚੰਦ ਦੇ ਸਾਲ ਵਿੱਚ 13 ਮਹੀਨੇ ਹੋਣਗੇ। ਜੇਠ ਦਾ ਮਹੀਨਾ ਦੋ ਵਾਰ ਆਵੇਗਾ। ਜੇਠ ਦਾ ਆਰੰਭ 2 ਮਈ (2026) ਤੋਂ ਹੋਵੇਗਾ ਅਤੇ ਅੰਤ 29 ਜੂਨ ਨੂੰ ਹੋਵੇਗਾ। ਇਸ ਸਮੇ ਵਿੱਚੋਂ 17 ਮਈ ਤੋਂ 15 ਜੂਨ ਤਾਈ ਮਲ ਮਾਸ ਹੋਵੇਗਾ। ਇਨ੍ਹਾਂ ਦਿਨ੍ਹਾਂ ਵਿੱਚ ਕੋਈ ਵੀ ਸ਼ੁੱਭ ਦਿਹਾੜਾ ਨਹੀਂ ਮਨਾਇਆ ਜਾ ਸਕਦਾ। ਪਹਿਲੇ ਜੇਠ ਦੇ ਸੁਦੀ ਪੱਖ ਵਿੱਚ ਆਉਂਣ ਵਾਲੇ ਦਿਹਾੜੇ, ਦੂਜੇ ਜੇਠ ਦੇ ਸੁਦੀ ਪੱਖ ਵਿੱਚ ਮਨਾਏ ਜਾਣਗੇ।

ਲੈ: ਕਰਨਲ ਨਿਸ਼ਾਨ , ਆਪਣੀ ਕਿਤਾਬ (ਗੁਰਪੁਰਬ ਦਰਪਣ) ਵਿੱਚ ਆਪ ਹੀ ਸਵਾਲ ਕਰਕੇ, " ਜੇ ਕਰ ਕੋਈ ਗੁਰਪੁਰਬ ਮਲਮਾਸ ਵਿਚ ਆ ਜਾਏ ਤਾਂ ਕੀ ਉਹ ਗੁਰਪੁਰਬ ਨਹੀਂ ਮਨਾਇਆ ਜਾਣਾ ਚਾਹੀਦਾ ਜਾਂ ਕਿ ਇੱਕ ਮਹੀਨਾ ਲੇਟ ਮਨਾਇਆ ਚਾਹੀਦਾ ਹੈ"? (ਸਵਾਲ# 27 ,ਪੰਨਾ 35), ਆਪਣੇ ਜਵਾਬ ਵਿੱਚ ਲਿਖਦੇ ਹਨ, " ਜਿਵੇਂ ਪਹਿਲਾਂ ਕਿਹਾ ਜਾ ਚੁੱਕਿਆ ਹੈ ਗੁਰਸਿੱਖ ਲਈ ਕੋਈ ਮਹੀਨਾ ਮਲਮਾਸ ਜਾਂ ਗੰਦਾ ਮਹੀਨਾ ਨਹੀਂ ਸਾਰੇ ਮਹੀਨੇ ਭਲੇ ਹਨ, "ਮਾਹ ਦਿਵਸ ਮੂਰਤ ਭਲੇ"। ਇਸ ਲਈ ਇਤਿਹਾਸ ਮੁਤਾਬਿਕ ਹੀ ਸਾਰੇ ਗੁਰਪੁਰਬ ਅਗਲੇ ਪੰਨਿਆਂ ਤੇ ਦਿੱਤੇ ਗਏ ਹਨ। ਗੁਰਪੁਰਬਾਂ ਦੀਆਂ ਤਿੱਥਾਂ ਨਿਰਧਾਰਤ ਕਰਨ ਲਈ ਇਤਿਹਾਸ ਨੂੰ ਮੁੱਖ ਰੱਖਿਆ ਹੈ ਨਾ ਕਿ ਮਲ ਮਾਸ ਨੂੰ । ਇਤਿਹਾਸਿਕ ਘਟਨਾ ਨੂੰ ਕਿਸੇ ਮਲਮਾਸ ਦੇ ਭਰਮ ਭੁਲੇਖੇ ਕਾਰਨ ਅੱਗੇ ਪਿੱਛੇ ਨਹੀਂ ਕੀਤਾ ਜਾ ਸਕਦਾ"। (ਪੰਨਾ 35)

ਜਿਵੇਂ ਕਿ ਪਾਠਕ ਉੱਪਰ ਪੜ੍ਹ ਚੁੱਕੇ ਹਨ ਕਿ ਸੰਮਤ 2083 ਬਿਕ੍ਰਮੀ ਵਿੱਚ ਜੇਠ ਦਾ ਮਹੀਨਾ ਦੋ ਵਾਰ ਆ ਰਿਹਾ ਹੈ। ਪਹਿਲੇ ਜੇਠ ਦਾ ਪਹਿਲਾ ਪੱਖ (ਵਦੀ ਪੱਖ, 2 ਮਈ ਤੋਂ 16 ਮਈ) ਸ਼ੁੱਭ ਹੋਵੇਗਾ, ਪਹਿਲੇ ਜੇਠ ਦਾ ਦੂਜਾ ਪੱਖ (ਸੁਦੀ ਪੱਖ, 17 ਮਈ ਤੋਂ 31 ਮਈ) ਅਸ਼ੁੱਭ ਹੋਵੇਗਾ। ਦੂਜੇ ਜੇਠ ਦਾ ਪਹਿਲਾ ਪੱਖ (ਵਦੀ ਪੱਖ , 1 ਜੂਨ ਤੋਂ 15 ਜੂਨ) ਅਸ਼ੁੱਭ ਹੋਵੇਗਾ। ਦੂਜੇ ਜੇਠ ਦਾ ਦੂਜਾ ਪ੍ਹੱਖ ( ਸੁਦੀ ਪੱਖ 15 ਜੂਨ ਤੋਂ 29 ਜੂਨ) ਸ਼ੁੱਭ ਹੋਵੇਗਾ। ਭਾਵ 17 ਮਈ ਤੋਂ 15 ਜੂਨ ਤੱਕ ਦਾ ਸਮਾਂ ਅਸ਼ੁੱਭ ਹੋਵੇਗਾ।

ਚੰਦਰ-ਸੁਰਜੀ ਬਿਕ੍ਰਮੀ ਕੈਲੰਡਰ ਅਨੁਸਾਰ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਜੇਠ ਸੁਦੀ 4 ਨੂੰ ਮਨਾਇਆ ਜਾਂਦਾ ਹੈ। ਸੰਮਤ 2083 ਬਿ: ਦੇ ਕੈਲੰਡਰ ਵਿੱਚ ਜੇਠ ਸੁਦੀ 4, 20 ਮਈ ਨੂੰ ਦਰਜ ਹੈ। ਪਰ ਇਹ ਪਹਿਲੇ ਜੇਠ ਦਾ ਸੁਦੀ ਪੱਖ ਹੋਣ ਕਾਰਨ ਅਸ਼ੁੱਭ ਹੈ। ਇਸ ਲਈ 20 ਮਈ ਨੂੰ ਗੁਰੂ ਜੀ ਦਾ ਸ਼ਹੀਦੀ ਦਿਹਾੜਾ ਨਹੀਂ ਮਨਾਇਆ ਜਾਵੇਗਾ। ਦੂਜੀ ਜੇਠ ਸੁਦੀ 4 ,18 ਜੂਨ ਨੂੰ ਆਵੇਗੀ। ਇਹ ਦੂਜੇ ਜੇਠ ਦਾ ਸ਼ੁੱਭ ਪੱਖ ਹੈ । ਇਸ ਕਾਰਨ ਗੁਰੂ ਜੀ ਦਾ ਸ਼ਹੀਦੀ ਦਿਹਾੜਾ 18 ਜੂਨ ਨੂੰ ਮਨਾਇਆ ਜਾਵੇਗਾ। ਇਸ ਲਈ ਕਰਨਲ ਨਿਸ਼ਾਨ ਦਾ ਇਹ ਲਿਖਣਾ, "ਇਤਿਹਾਸਿਕ ਘਟਨਾ ਨੂੰ ਕਿਸੇ ਮਲਮਾਸ ਦੇ ਭਰਮ ਭੁਲੇਖੇ ਕਾਰਨ ਅੱਗੇ ਪਿੱਛੇ ਨਹੀਂ ਕੀਤਾ ਜਾ ਸਕਦਾ", ਕੈਲੰਡਰ ਸਬੰਧੀ ਮੁੱਢਲੇ ਗਿਆਨ ਤੋਂ ਕੋਰਾ ਹੋਣ ਦਾ ਪ੍ਰਤੱਖ ਸਬੂਤ ਹੈ।

ਲੈ: ਕਰਨਲ ਨਿਸ਼ਾਨ ਵੱਲੋਂ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਦੀਆਂ ਦਰਜ ਤਾਰੀਖਾਂ (ਪੰਨਾ 54) ਵਿੱਚੋ 19 ਮਈ 2018 ਈ: ਗਲਤ ਸਾਬਿਤ ਹੋ ਚੁੱਕੀ ਹੈ। ਇਸ ਸਾਲ ਦੀ ਤਾਰੀਖ 20 ਮਈ 2026 ਈ: ਵੀ ਗਲਤ ਹੈ। 19 ਮਈ 2037 ਈ:, 20 ਮਈ 2045 ਈ:, 20 ਮਈ 2064 ਈ: ਅਤੇ 20 ਮਈ 2083 ਈ: ਵੀ ਗਲਤ ਸਾਬਿਤ ਹੋਣਗੀਆਂ। ਇਹ ਹੈ, ਅਖੌਤੀ ਸੰਤ ਸਮਾਜ ਦੇ ਮੁੱਖ ਸਲਾਹਕਾਰ, ਲੈ: ਕਰਨਲ ਸੁਰਜੀਤ ਸਿੰਘ ਨਿਸ਼ਾਨ ਦਾ ਕੈਲੰਡਰ ਵਿਗਿਆਨ।

Information in Public Interest
To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।
Contact:(408) 687-1899, (925) 587-1148


TAKE CONTROL
OF YOUR HEALTH
PRIVATE, AFFORDABLE, & CONVENIENT
8000+ TESTS
General Health, Food Allergy Testing, Paternity Testing,
Hormone Testing, Diabetes Monitoring, STD Testing, & More!
NO INSURANCE?
NO PROBLEM!
WALK-INS WELCOME
ANYLABTEST NOW
ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384
Address: 119. Maple AVe, Suite A Manteca, CA 95336


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307




# ਸਮੂਹ ਪੰਥ ਨੂੰ 'ਹੋਲੇ ਮਹੱਲੇ' ਦੀਆਂ ਲੱਖ ਲੱਖ ਵਧਾਈਆਂ।


ਸਭ ਤੋਂ ਸ਼ਕਤੀਸ਼ਾਲੀ ਤੇ ਆਧਿਆਤਮਿਕ ਤੌਰ 'ਤੇ ਜੀਵੰਤ ਸਿੱਖ ਤਿਉਹਾਰਾਂ ਵਿੱਚੋਂ ਇੱਕ 'ਹੋਲਾ ਮਹੱਲਾ' ਸਿੱਖ ਗੁਰਦਵਾਰਾ ਸੈਨ ਹੋਜ਼ੇ ਵਿਖੇ ਬੜੀ ਹੀ ਸ਼ਰਧਾ ਤੇ ਜੰਗਜੂ ਮਾਣ ਨਾਲ **22 ਮਾਰਚ 2026 (ਦਿਨ ਐਤਵਾਰ) ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ** ਮਨਾਇਆ ਜਾ ਰਿਹਾ ਹੈ।

## ਇਲਾਕੇ ਦੀਆਂ ਸਮੂਹ ਸਿੱਖ ਸੰਗਤਾਂ ਇਸ ਸਮਾਗਮ 'ਚ ਕਰਨਗੀਆਂ ਸ਼ਿਰਕਤ।


ਦਿਖਾਏ ਜਾਣਗੇ ਗਤਕੇ ਦੇ ਜੌਹਰ।



ਇਸ ਮੌਕੇ ਘੋੜਸਵਾਰੀ, ਬਾਸਕਟਬਾਲ ਤੇ ਵਾਲੀਬਾਲ ਮੈਚ, ਬੱਚਿਆਂ ਤੇ ਵੱਡਿਆਂ ਦੀਆਂ ਦੌੜਾਂ ਅਤੇ ਨਾਲ ਹੀ ਵੱਖ-ਵੱਖ ਸੁਆਦਿਸ਼ਟ ਪਕਵਾਨਾਂ ਦੀਆਂ ਸਟਾਲਾਂ ਜਿਸ 'ਚ ਗੰਨੇ ਦਾ ਰਸ ਅਤੇ ਭੁੰਨੀਆਂ ਛੱਲੀਆਂ ਵੀ ਹੋਣਗੀਆਂ।


Evergreen Valley High School 'ਚ ਗੱਡੀਆਂ ਦੀ ਪਾਰਕਿੰਗ ਉਪਲਬਧ
ਸੰਗਤਾਂ ਲਈ ਗੁਰਦਵਾਰਾ ਸਾਹਿਬ ਤੱਕ ਸਾਰਾ ਦਿਨ ਸ਼ਟਲ ਸੇਵਾ ਰਹੇਗੀ ਉਪਲਬਧ


## ਇਲਾਕੇ ਵਿੱਚ ਵਸਦੇ ਹਰ ਸਿੱਖ ਨੂੰ ਅਪੀਲ ਹੈ ਕਿ ਉਹ ਗੁਰੂ ਸਾਹਿਬ ਦੀਆਂ ਖੁਸ਼ੀਆਂ ਦਾ ਹਿੱਸਾ ਬਣਨ।

**ADDRESS :**

3636 Gurdwara Avenue, San Jose
California 95148, AMERICA

**ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:**

ਜਨਰਲ ਪੁੱਛਗਿੱਛ: ਸੁਖਦੇਵ ਸਿੰਘ ਬੈਣੀਵਾਲ – (408) 421-9463 | ਬੂਥਾਂ ਲਈ: ਖੁਸ਼ਵਿੰਦਰਪਾਲ ਸਿੰਘ – (408) 507-1290
ਲੰਗਰ ਸੇਵਾ ਲਈ: ਹਰਜਿੰਦਰ ਸਿੰਘ ਲੱਧੜ – (408) 904-9158 | ਬਾਸਕਟਬਾਲ ਲਈ: ਸਤਿੰਦਰ ਸਿੰਘ ਮੱਘਰ – (408) 307-6179
ਵਾਲੀਬਾਲ ਲਈ: ਹਰਜਿੰਦਰ ਸਿੰਘ – (669) 649-0049 | ਹੋਰ ਕਿਸੇ ਵੀ ਜਾਣਕਾਰੀ ਲਈ: ਗੁਰਦੁਆਰਾ ਸਾਹਿਬ – (408) 274-9373

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿੰਕ ਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੇਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਆਿਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਰਿਾਇਆ + 7-9% ਵਾਧਾ | ਨਯਿਮਤਿ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਰਿਾਇਆ + 6-8% ਵਾਧਾ | ਸੁਰੱਖਅਿਤ ਨਵਿੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕੱਿਸੇ:**

**2017 ਗੁੜਗਾਂਵ:** 7 ਸਾਲਾਂ ਵੱਿਚ 3 ਗੁਣਾ ਮੁਨਾਫ਼ਾ

**2020 ਚੰਡੀਗੜ੍ਹ:** 4 ਸਾਲਾਂ ਵੱਿਚ ਦੁੱਗਣਾ ਵਾਧਾ

**2022 ਪੁਣੇ:** 2 ਸਾਲਾਂ ਵੱਿਚ 58% ਵਾਧਾ

**ਆਪਣੇ ਭਵੱਿਖ ਨੂੰ ਸੁਰੱਖਅਿਤ ਕਰੋ - ਅੱਜ ਹੀ!**

**Call : +91 73038-88722**

**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**

# ONLY WAY TO GROW YOUR BUSINESS FASTER

# BNG
(Business Network Gateway)

## We work for you to Boost Your Business

**VIDEO** ADVERTISEMENTS
We make professional video advertisements for your business in Punjabi, Hindi & English

**POSTERS DESIGN**
We design flyers, Posters and Post Cards to promote your business

**BUSINESS CARD DESIGN**
WE DESIGN YOUR BUSINESS CARD

**SOCIAL MEDIA HANDLERS**
We can manage your Business social media handlers Facebook, instagram & YouTube

**24/7 TECH SUPPORT**
We provide 24/7 tech support

**For more information call**
**Boota Singh Basi +1 (209) 303-1260**

# ਡਿਸਟ੍ਰਿਕਟ 16 ਤੋਂ ਡੈਮੋਕ੍ਰੈਟਿਕ ਪਾਰਟੀ ਦੇ ਡੈਲੀਗੇਟ ਉਮੀਦਵਾਰ ਤਜ਼ੀਨ ਅਹਿਮਦ ਲਈ ਫੰਡਰੇਜ਼ਿੰਗ ਸਮਾਗਮ

ਵਾਸ਼ਿੰਗਟਨ ਸਾਂਝੀ ਸੋਚ ਬਿਊਰੋ

ਡਿਸਟ੍ਰਿਕਟ 16 ਤੋਂ ਤਜ਼ੀਨ ਅਹਿਮਦ ਦੇ ਹੱਕ ਵਿੱਚ ਇੱਕ ਫੰਡਰੇਜ਼ਿੰਗ ਸਮਾਗਮ ਕਰੀਨਾ ਹਾਊ ਦੇ ਘਰ ਵਿਖੇ ਕਰਵਾਇਆ ਗਿਆ। ਇਸ ਸਮਾਗਮ ਵਿੱਚ ਕਮਿਊਨਿਟੀ ਆਗੂਆਂ, ਸਮਾਜਿਕ ਕਰਮੀਆਂ ਅਤੇ ਡਿਸਟ੍ਰਿਕਟ 16 ਦੇ ਕਈ ਚੁਣੇ ਹੋਏ ਨੁਮਾਇੰਦਿਆਂ ਨੇ ਭਾਗ ਲਿਆ ਅਤੇ ਤਜ਼ੀਨ ਅਹਿਮਦ ਨੂੰ ਸਮਰਥਨ ਦਿੱਤਾ। ਇਸ ਸਮਾਗਮ ਦੀ ਮੇਜ਼ਬਾਨੀ ਡਾ. ਸੁਰਿੰਦਰ ਸਿੰਘ ਗਿੱਲ, ਚੇਅਰਮੈਨ ਇੰਟਰਨੈਸ਼ਨਲ ਫੋਰਮ ਯੂਐਸਏ ਨੇ ਕੀਤੀ। ਉਨ੍ਹਾਂ ਦੇ ਨਾਲ Guy Djoken, Thai Nguyen, Avery Wan, Elizabeth Chung ਅਤੇ Rebecca iLang ਵੀ ਮੇਜ਼ਬਾਨਾਂ ਵਿੱਚ ਸ਼ਾਮਲ ਸਨ।

ਮੁੱਖ ਵਕਤਾ ਡਾ. ਸੁਰਿੰਦਰ ਸਿੰਘ ਗਿੱਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਮਾਜ ਨੂੰ ਅਜਿਹੇ ਨੇਤਾਵਾਂ ਦੀ ਚੋਣ ਕਰਨੀ ਚਾਹੀਦੀ ਹੈ ਜੋ ਲੋਕਾਂ ਦੀਆਂ ਗੱਲਾਂ ਸੁਣਨ, ਟਿੱਪਣੀਆਂ ਨੂੰ ਸਮਝਣ ਅਤੇ ਕਮਿਊਨਿਟੀ ਦੇ ਹੱਕਾਂ ਲਈ ਖੜ੍ਹੇ ਹੋਣ। ਉਨ੍ਹਾਂ ਕਿਹਾ ਕਿ ਏਸ਼ੀਆਈ ਕਮਿਊਨਿਟੀ ਦੀ ਸੰਖਿਆ ਵੱਧ ਹੋਣ ਦੇ ਬਾਵਜੂਦ ਅਜੇ ਤੱਕ ਕੋਈ ਏਸ਼ੀਆਈ ਕਮਿਊਨਿਟੀ ਸੈਂਟਰ ਜਾਂ ਔਰਤਾਂ ਲਈ ਸ਼ੈਲਟਰ ਨਹੀਂ ਬਣਿਆ। ਇਹ ਮਸਲੇ ਸੂਬਾਈ ਪੱਧਰ 'ਤੇ ਉਠਾਏ ਜਾਣੇ ਚਾਹੀਦੇ ਹਨ। Guy Djoken ਨੇ ਵੀ ਸੰਬੋਧਨ ਕਰਦਿਆਂ ਕਿਹਾ ਕਿ ਇਸ ਵੇਲੇ ਡੈਮੋਕ੍ਰੈਟਿਕ ਪਾਰਟੀ ਦੀ ਬਹੁਮਤ ਹੈ ਅਤੇ ਕਮਿਊਨਿਟੀ ਨੂੰ Tazeen Ahmad ਵਰਗੇ ਉਮੀਦਵਾਰਾਂ ਨੂੰ ਸਮਰਥਨ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਪ੍ਰੈਲ ਵਿੱਚ ਕਾਂਗਰਸ ਅਤੇ ਸੂਬੇ ਦੇ ਕਈ ਆਗੂ ਵੀ ਉਨ੍ਹਾਂ ਦੀਆਂ ਸੇਵਾਵਾਂ ਨੂੰ ਮੰਨਤਾ ਦੇਣਗੇ।

ਮਕਾਨ ਮਾਲਕਾ ਕਰੀਨਾ ਹਾਊ ਨੇ ਸਾਰਿਆਂ ਦਾ ਸਵਾਗਤ ਕੀਤਾ ਅਤੇ ਤਜ਼ੀਨ ਅਹਿਮਦ ਦੀ ਮੁਹਿੰਮ ਨੂੰ ਸਮਰਥਨ ਦੇਣ ਦੀ ਅਪੀਲ ਕੀਤੀ।

ਇਸ ਮੌਕੇ ਦਵਿੰਦਰ ਸਿੰਘ ਗਿੱਲ, Bob Corkey ਸਮੇਤ ਡਿਸਟ੍ਰਿਕਟ 16 ਦੇ ਕਈ ਚੁਣੇ ਹੋਏ ਨੁਮਾਇੰਦੇ ਅਤੇ ਕਮਿਊਨਿਟੀ ਮੈਂਬਰ ਹਾਜ਼ਰ ਸਨ।

ਸਮਾਗਮ ਦੌਰਾਨ ਕਮਿਊਨਿਟੀ ਵੱਲੋਂ ਵੱਡਾ ਸਮਰਥਨ ਮਿਲਿਆ ਅਤੇ ਤਜ਼ੀਨ ਅਹਿਮਦ ਦੀ ਚੋਣ ਮੁਹਿੰਮ ਲਈ ਲਗਭਗ 20,000 ਡਾਲਰ ਇਕੱਠੇ ਕੀਤੇ ਗਏ।



ਡੈਮੋਕ੍ਰੈਟਿਕ ਪਾਰਟੀ ਵੱਲੋਂ ਡਿਸਟ੍ਰਿਕਟ 16 ਤੋਂ ਡੈਲੀਗੇਟ ਦੀ ਉਮੀਦਵਾਰ ਤਜ਼ੀਨ ਅਹਿਮਦ ਨੇ ਸਿੱਖਿਆ, ਸਿਹਤ ਸੇਵਾਵਾਂ, ਆਰਥਿਕ ਵਿਕਾਸ ਅਤੇ ਛੋਟੇ ਕਾਰੋਬਾਰਾਂ ਨੂੰ ਮਜ਼ਬੂਤ ਕਰਨ ਲਈ ਕੰਮ ਕਰਨ ਦਾ ਵਾਅਦਾ ਕੀਤਾ ਹੈ। ਉਨ੍ਹਾਂ ਕਿਹਾ ਕਿ ਮਜ਼ਬੂਤ ਸਮਾਜ ਲਈ ਉੱਚ ਗੁਣਵੱਤਾ ਵਾਲੀ ਸਿੱਖਿਆ ਅਤੇ ਸਭ ਲਈ ਪਹੁੰਚਯੋਗ ਸਿਹਤ ਸੇਵਾਵਾਂ ਬਹੁਤ ਜ਼ਰੂਰੀ ਹਨ।

ਤਜ਼ੀਨ ਅਹਿਮਦ ਨੇ ਇਹ ਵੀ ਜ਼ੋਰ ਦਿੱਤਾ ਕਿ ਸਥਾਨਕ ਆਰਥਿਕਤਾ ਨੂੰ ਮਜ਼ਬੂਤ ਬਣਾਉਣ ਲਈ ਛੋਟੇ ਕਾਰੋਬਾਰਾਂ ਨੂੰ ਹੌਸਲਾ ਅਤੇ ਲੋੜੀਂਦੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਉਹ ਚੁਣੀਆਂ ਜਾਂਦੀਆਂ ਹਨ ਤਾਂ ਡਿਸਟ੍ਰਿਕਟ 16 ਦੇ ਵਸਨੀਕਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਦਿਆਂ ਸਭ ਦੀ ਭਲਾਈ ਅਤੇ ਤਰੱਕੀ ਲਈ ਮਿਲਜੁਲ ਕੇ ਕੰਮ ਕਰਨਗੀਆਂ।

## ਗੈਂਗਸਟਰਾਂ ਤੇ ਵਾਰ ਦਾ 47ਵਾਂ ਦਿਨ

# ਪੰਜਾਬ ਪੁਲਿਸ ਨੇ 477 ਥਾਈਂ ਕੀਤੀ ਛਾਪੇਮਾਰੀ: 147 ਗ੍ਰਿਫ਼ਤਾਰ

ਚੰਡੀਗੜ੍ਹ ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ 'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 47ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ ਸਥਾਨਾਂ 477 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ ਤੇ ਵਾਰ' ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਇੱਕ ਫੈਸਲਾਕੁੰਨ ਜੰਗ ਹੈ , ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਦੁਆਰਾ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

47ਵੇਂ ਦਿਨ, ਪੁਲਿਸ ਟੀਮਾਂ ਨੇ 147 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਹਥਿਆਰ ਬਰਾਮਦ ਕੀਤੇ, ਜਿਸ ਦੇ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਕੁੱਲ ਗ੍ਰਿਫਤਾਰੀਆਂ 13,355 ਹੋਈਆਂ ਹਨ। ਇਸ ਤੋਂ ਇਲਾਵਾ 77 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ ਜਦੋਂ ਕਿ 80 ਵਿਅਕਤੀਆਂ ਨੂੰ ਪੁੱਛਗਿਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ ਨੌਂ ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫਤਾਰ ਕੀਤਾ ਹੈ। ਲੋਕ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ। ਇਸ ਦੌਰਾਨ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁਧ' ਦੇ 372ਵੇਂ ਦਿਨ 88 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.2 ਕਿਲੋ ਹੈਰੋਇਨ, 155 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 50,150 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਸ ਦੇ ਨਾਲ ਸਿਰਫ 372 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 52,687 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 17 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।


**Change Of Name**

I, Varinder S/O Davinder born in Pakka Khera Haryana, India, presently residing at 3580 W Grant Line Rd, 216 Tracy CA 95304 USA hereby declare that I have changed my name from **Varinder** to **Varinder Singh**, Henceforth, I shall be known as **Varinder Singh** for all purposes.

**ਨਾਮ ਦੀ ਬਦਲੀ**

ਮੈਂ, ਵਰਿੰਦਰ ਪੁੱਤਰ ਦਵਿੰਦਰ ਪੱਕਾ ਖੇੜਾ ਹਰਿਆਣਾ, ਭਾਰਤ ਦਾ ਰਹਿਣ ਵਾਲਾ ਹਾਂ ਅਤੇ ਮੌਜੂਦਾ ਸਮੇਂ 3580 W Grant Line Rd, 216 Tracy CA 95304 USA ਵਿਖੇ ਰਹਿ ਰਿਹਾ ਹਾਂ। ਮੈਂ ਆਪਣਾ ਨਾਮ **ਵਰਿੰਦਰ** ਤੋਂ ਬਦਲ ਕੇ **ਵਰਿੰਦਰ ਸਿੰਘ** ਰੱਖ ਲਿਆ ਹੈ। ਸਾਰੇ ਸਬੰਧਿਤ ਨੋਟ ਕਰਨ ਕਿ ਹੁਣ ਮੈਂ **ਵਰਿੰਦਰ ਸਿੰਘ** ਵਜੋਂ ਜਾਣਿਆ ਜਾਵਾਂਗਾ।


# ਮੋਜਤਬਾ ਖਮੇਨੀ ਬਣੇ ਈਰਾਨ ਦੇ ਨਵੇਂ ਸੁਪਰੀਮ ਲੀਡਰ

ਤਹਿਰਾਨ ਸਾਂਝੀ ਸੋਚ ਬਿਊਰੋ

ਈਰਾਨ ਦੇ ਸੁਪਰੀਮ ਲੀਡਰ ਅਯਾਤੁੱਲਾ ਅਲੀ ਖਮੇਨੀ ਦੀ ਮੌਤ ਤੋਂ ਬਾਅਦ ਹੁਣ ਉਨ੍ਹਾਂ ਦੇ ਪੁੱਤਰ ਮੋਜਤਬਾ ਖਮੇਨੀ ਨੂੰ ਈਰਾਨ ਦਾ ਨਵਾਂ ਸੁਪਰੀਮ ਲੀਡਰ ਐਲਾਨ ਦਿੱਤਾ ਗਿਆ ਹੈ। ਇਹ ਐਲਾਨ ਅਜਿਹੇ ਸਮੇਂ ਵਿੱਚ ਹੋਇਆ ਹੈ ਜਦੋਂ ਈਰਾਨ, ਇਜ਼ਰਾਈਲ ਅਤੇ ਅਮਰੀਕਾ ਵਿਚਕਾਰ ਭਿਆਨਕ ਜੰਗ ਚੱਲ ਰਹੀ ਹੈ। ਮੋਜਤਬਾ ਖਮੇਨੀ ਨੂੰ ਲੰਬੇ ਸਮੇਂ ਤੋਂ ਈਰਾਨ ਦੀ ਸੱਤਾਧਾਰੀ ਸੰਸਥਾ ਵਿੱਚ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਸ਼ਖਸੀਅਤ ਵਜੋਂ ਦੇਖਿਆ ਜਾਂਦਾ ਰਿਹਾ ਹੈ। ਉਨ੍ਹਾਂ ਨੂੰ 2022 ਵਿੱਚ ਅਯਾਤੁੱਲਾ ਦੇ ਖਿਤਾਬ ਨਾਲ ਨਿਵਾਜਿਆ ਗਿਆ ਸੀ, ਜੋ ਕਿ ਸੁਪਰੀਮ ਲੀਡਰ ਬਣਨ ਲਈ ਇੱਕ ਜ਼ਰੂਰੀ ਸ਼ਰਤ ਸੀ।

ਮੋਜਤਬਾ ਖਮੇਨੀ, ਇੱਕ ਮੱਧ-ਦਰਜੇ ਦੇ ਧਾਰਮਿਕ ਆਗੂ ਜਿਨ੍ਹਾਂ ਨੂੰ ਈਰਾਨ ਦੀ ਸੁਰੱਖਿਆ ਸਥਾਪਨਾ ਅਤੇ ਉਸਦੇ ਪਿਤਾ ਦੀ ਅਗਵਾਈ ਹੇਠ ਬਣੇ ਵਿਸ਼ਾਲ ਆਰਥਿਕ ਨੈੱਟਵਰਕਾਂ ਵਿੱਚ ਮਹੱਤਵਪੂਰਨ ਪ੍ਰਭਾਵ ਰੱਖਣ ਲਈ ਮੰਨਿਆ ਜਾਂਦਾ ਸੀ, ਨੂੰ ਲੰਬੇ ਸਮੇਂ ਤੋਂ ਇਸ ਅਹੁਦੇ ਲਈ ਇੱਕ ਪ੍ਰਮੁੱਖ ਦਾਅਵੇਦਾਰ ਵਜੋਂ ਦੇਖਿਆ ਜਾਂਦਾ ਸੀ। ਇਹ ਫੈਸਲਾ ਮਾਹਿਰਾਂ ਦੀ ਅਸੈਂਬਲੀ ਦੁਆਰਾ ਲਿਆ ਗਿਆ ਸੀ, ਜੋ ਕਿ ਅਲੀ ਖਮੇਨੀ ਦੀ ਮੌਤ ਤੋਂ ਬਾਅਦ ਸੁਪਰੀਮ ਲੀਡਰ ਦੀ ਚੋਣ ਲਈ ਜ਼ਿੰਮੇਵਾਰ 88 ਮੈਂਬਰੀ ਸੰਸਥਾ ਹੈ।



ਫੈਸਲੇ ਦੀ ਪੁਸ਼ਟੀ ਕਰਦੇ ਹੋਏ, ਅਸੈਂਬਲੀ ਨੇ ਤਹਿਰਾਨ ਦੇ ਸਮੇਂ ਅੱਧੀ ਰਾਤ ਤੋਂ ਥੋੜ੍ਹੀ ਦੇਰ ਬਾਅਦ ਇੱਕ ਬਿਆਨ ਜਾਰੀ ਕੀਤਾ। ਬਿਆਨ ਵਿੱਚ ਕਿਹਾ ਗਿਆ ਹੈ, "ਇੱਕ ਨਿਰਣਾਇਕ ਵੋਟ ਦੁਆਰਾ, ਮਾਹਿਰਾਂ ਦੀ ਸਭਾ ਨੇ ਆਇਤੁੱਲਾ ਸੱਯਦ ਮੋਜਤਬਾ ਹੁਸੈਨੀ ਖਮੇਨੀ ਨੂੰ ਈਰਾਨ ਦੇ ਇਸਲਾਮੀ ਗਣਰਾਜ ਦੇ ਪਵਿੱਤਰ ਸਿਸਟਮ ਦਾ ਤੀਜਾ ਨੇਤਾ ਨਿਯੁਕਤ ਕੀਤਾ।" ਸੁਪਰੀਮ ਲੀਡਰ ਦਾ ਅਹੁਦਾ ਮੋਜਤਬਾ ਖਮੇਨੀ ਨੂੰ ਇਸਲਾਮੀ ਗਣਰਾਜ ਵਿੱਚ ਰਾਜ ਦੇ ਸਾਰੇ ਮਾਮਲਿਆਂ, ਜਿਸ ਵਿੱਚ ਫੌਜ, ਨਿਆਂਪਾਲਿਕਾ ਅਤੇ ਮੁੱਖ ਰਾਜਨੀਤਿਕ ਸੰਸਥਾਵਾਂ 'ਤੇ ਨਿਯੰਤਰਣ ਸ਼ਾਮਲ ਹੈ, ਉੱਤੇ ਅੰਤਮ ਅਧਿਕਾਰ ਦਿੰਦਾ ਹੈ।

# ਕੈਨੇਡਾ 'ਚ 3 ਮਿਲੀਅਨ ਡਾਲਰ ਤੋਂ ਵੱਧ ਦੀ ਧੋਖਾਧੜੀ ਦਾ ਪਰਦਾਫਾਸ਼

ਓਟਵਾ ਸਾਂਝੀ ਸੋਚ ਬਿਊਰੋ

ਕੈਨੇਡਾ ਦੇ ਡਰਹਮ ਰੀਜਨ 'ਚ ਇੱਕ ਵੱਡਾ ਫਰਾਡ ਮਾਮਲਾ ਸਾਹਮਣੇ ਆਇਆ ਹੈ, ਜਿਸ ਨੇ ਕਈ ਸਾਲਾਂ ਤੱਕ ਇੱਕ ਕਾਰੋਬਾਰ ਨੂੰ ਭਾਰੀ ਨੁਕਸਾਨ ਪਹੁੰਚਾਇਆ। ਡਰਹਮ ਰੀਜਨਲ ਪੁਲਿਸ ਵੱਲੋਂ ਚਲਾਈ ਗਈ ਲੰਬੀ ਜਾਂਚ "ਫਰੋਜੲਚਟ 6ਲੲਟਚਹੲਰ" ਦੇ ਤਹਿਤ ਇਹ ਖੁਲਾਸਾ ਹੋਇਆ ਕਿ ਇੱਕ ਕੰਪਨੀ ਦੇ ਅੰਦਰ ਹੀ ਬੈਠੇ ਕੁਝ ਲੋਕਾਂ ਨੇ ਮਿਲ ਕੇ ਲਗਭਗ 3 ਮਿਲੀਅਨ ਡਾਲਰ ਤੋਂ ਵੱਧ ਦੀ ਧੋਖਾਧੜੀ ਕੀਤੀ। ਪੁਲਿਸ ਮੁਤਾਬਕ, ਇੱਕ ਓਪਰੇਸ਼ਨ ਮੈਨੇਜਰ ਨੇ ਤਨਖਾਹਾਂ ਨੂੰ ਹੋਰ ਖਾਤਿਆਂ ਵਿਚ ਭੇਜਣ, ਨਕਲੀ ਸਬਕਾਂਟ੍ਰੈਕਟਰ ਇਨਵੌਇਸ ਬਣਾਉਣ ਅਤੇ ਕਈ ਫਰਾਡ ਚੈੱਕ ਜਾਰੀ ਕਰਨ ਵਰਗੀਆਂ ਤਕਨੀਕਾਂ ਦੀ ਵਰਤੋਂ ਕਰਕੇ ਪੈਸਾ ਆਪਣੇ ਅਤੇ ਆਪਣੇ ਜਾਣਕਾਰਾਂ ਦੇ ਖਾਤਿਆਂ ਵਿਚ ਟਰਾਂਸਫਰ ਕੀਤਾ। ਫੋਰੈਂਸਿਕ ਆਡਿਟ ਦੌਰਾਨ ਕਰੀਬ 270 ਸ਼ੱਕੀ ਚੈਕ ਮਿਲੇ, ਜੋ 8 ਵੱਖ-ਵੱਖ ਕੰਪਨੀਆਂ ਦੇ ਨਾਮ 'ਤੇ ਜਾਰੀ ਕੀਤੇ ਗਏ ਸਨ ਅਤੇ 22 ਬੈਂਕ ਖਾਤਿਆਂ ਵਿਚ ਜਮ੍ਹਾਂ ਹੋਏ। ਜਾਂਚ ਵਿਚ ਇਹ ਵੀ ਸਾਹਮਣੇ ਆਇਆ ਕਿ ਪੈਸਾ ਕਈ ਵਿੱਤੀ ਸੰਸਥਾਵਾਂ ਅਤੇ ਚੈਕ-ਕੈਸ਼ਿੰਗ ਬਿਜ਼ਨਸਾਂ ਰਾਹੀਂ ਘੁਮਾਇਆ ਗਿਆ। ਪੁਲਿਸ ਨੇ ਹੁਣ ਤੱਕ 8 ਲੋਕਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ 'ਤੇ ਫਰਾਡ, ਚੋਰੀ ਅਤੇ ਕਰਾਈਮ ਦੀ ਕਮਾਈ ਨੂੰ ਲੁਕਾਉਣ ਵਰਗੇ ਦੋਸ਼ ਲਗਾਏ ਹਨ। ਇਸਦੇ ਨਾਲ ਹੀ 5 ਹੋਰ ਸ਼ੱਕੀ ਅਜੇ ਵੀ ਲੋੜੀਂਦੇ ਹਨ ਅਤੇ ਪੁਲਿਸ ਉਨ੍ਹਾਂ ਦੀ ਤਲਾਸ਼ ਕਰ ਰਹੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਇਸ ਤਰ੍ਹਾਂ ਦੀ ਵਿੱਤੀ ਧੋਖਾਧੜੀ ਦੇ ਮਾਮਲਿਆਂ ਵਿਚ ਕੜੀ ਕਾਰਵਾਈ ਕੀਤੀ ਜਾਵੇਗੀ, ਤਾਂ ਜੋ ਲੋਕਾਂ ਦਾ ਭਰੋਸਾ ਬਣਿਆ ਰਹੇ।

APCA
AMERICAN PETROLEUM AND CONVENIENCE STORE ASSOCIATION

INVITES YOU
GOLF TOURNAMENT 2026
APRIL 8, 2026
CHARDONNAY GOLF CLUB
NAPA COUNTY, CA 94503

SUPPORTING NON-PROFIT

Children's Miracle Network Hospitals
Change Kids' Health. Change the Future.





Followed by APCA's 12th Annual Trade Show

APCA is a non-profit grassroots, membership based community organization providing representation for small to medium sized enterprises.





Thursday
April 9, 2026
12:30 pm - 5:30 pm

Sunrise Banquet Hall & Events
620 Orange Drive
Vacaville, CA 95687

To register please
click link below.

Register

www.apca.us

For more information please contact: kewal@apca.us

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ


# To honor the legacy and vision of

## First Founder of Pacific Coast Khalsa Diwan Society Stockton Ca 1912

# ਮਹਾਨ ਗੁਰਮਤਿ ਸਮਾਗਮ



Pacific Coast Khalsa Diwan Society
EST 1912
ਗਦਰੀ ਬਾਬਿਆਂ ਦਾ ਇਤਿਹਾਸਕ ਅਸਥਾਨ
ਗੁਰਦੁਆਰਾ ਸਾਹਿਬ ਸਟਾਕਟਨ (ਕੈਲੀਫੋਰਨੀਆ)
Gurudwara Sahib Stockton, CA



**March 13, 14 & 15**

ਸੰਤ ਤੇਜਾ ਸਿੰਘ ਜੀ

ਸੰਤ ਅਤਰ ਸਿੰਘ ਮਸਤੂਆਣਾ( ਸੰਗਰੂਰ)

**ਗਦਰੀ ਬਾਬਿਆਂ ਦੇ ਇਤਿਹਾਸਕ ਅਸਥਾਨ, ਗੁਰਦੁਆਰਾ ਸਾਹਿਬ ਸਟਾਕਟਨ ਦੇ ਸੰਸਥਾਪਕ ਸੰਤ ਤੇਜਾ ਸਿੰਘ ਜੀ ਅਤੇ ਅਤੇ ਸੰਤ ਅਤਰ ਸਿੰਘ ਜੀ ਮਸਤੂਆਣੇ ਵਾਲੇ ਦੀ ਨਿੱਘੀ ਯਾਦ ਨੂੰ ਸਮਰਪਿਤ ਗੁਰਮਤਿ ਸਮਾਗਮ 13 ,14 ਅਤੇ 15 ਨੂੰ ਗੁਰਦੁਆਰਾ ਸਾਹਿਬ ਸਟਾਕਟਨ ਵਿਖੇ ਹੋਵੇਗਾ ਜੀ। ਆਪ ਜੀ ਸਮੂਹ ਸੰਗਤ ਨੂੰ ਬੇਨਤੀ ਹੈ ਕਿ ਹੁੰਮ-ਹਮਾ ਕੇ ਪਹੁੰਚਣ ਦੀ ਕਿਰਪਾਲਤਾ ਕਰਨੀ। ਐਤਵਾਰ 15 ਮਾਰਚ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਕਥਾ ਕੀਰਤਨ ਦੇ ਦੀਵਾਨ ਸਜਾਏ ਜਾਣਗੇ।**

**ਸਮੂਹ ਸੰਗਰੂਰ ਇਲਾਕੇ ਦੀਆਂ ਸੰਗਤਾਂ ਨੂੰ ਪਹੁੰਚਣ ਦੀ ਪੁਰਜ਼ੋਰ ਬੇਨਤੀ ਹੈ ਜੀ।**

ਬੇਨਤੀ ਕਰਤਾ: ਪ੍ਰਬੰਧਕ ਕਮੇਟੀ ਗੁਰਦੁਆਰਾ ਸਾਹਿਬ ਸਟਾਕਟਨ ਅਤੇ ਸਮੁੱਚੀ ਸੰਗਤ ਸੰਗਰੂਰ ਇਲਾਕਾ

ਵਧੇਰੇ ਜਾਣਕਾਰੀ ਲਈ
ਗਿਆਨੀ ਗੁਰਸੇਵਕ ਸਿੰਘ ਜੀ, ਹੈੱਡ ਗ੍ਰੰਥੀ
ਗੁਰਦੁਆਰਾ ਸਾਹਿਬ ਸਟਾਕਟਨ
+1 (209) 328-9321


APCA
AMERICAN PETROLEUM AND CONVENIENCE STORE ASSOCIATION
Presents
Golf Tournament 2026
Supporting non- Profits
Children's Miracle Network
Wednesday, April 8th, 2026
Chardonnay Golf Course
American Canyon, CA 94503
Scan the QR code to register for the upcoming trade show.
This is a popular event, sells out quickly, please RSVP ASAP
Scan to Register


PROPANE
Coca-Cola
APCA
AMERICAN PETROLEUM AND CONVENIENCE STORE ASSOCIATION
ANNUAL TRADE SHOW 2026
EXHIBITOR PACKAGE
April 9th, 2026
Sunrise Banquet Halls & Event Center
620 Orange Dr, Vacaville, CA 95687
Scan the QR code to register for the upcoming trade show.
It only takes a minute, and you're all set to join us!
Scan to Register

# ਹਾਵਰਡ ਕਾਊਂਟੀ ਦੇ ਵਿਕਾਸ ਬਾਰੇ ਬਾਬ ਕੋਕੀ ਦੀ ਕਮਿਊਨਿਟੀ ਨਾਲ ਮੀਟਿੰਗ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ



ਹਾਵਰਡ ਕਾਊਂਟੀ ਦੇ ਕਾਊਂਟੀ ਏਗਜ਼ਿਕਿਊਟਿਵ ਉਮੀਦਵਾਰ ਬਾਬ ਕੋਕੀ ਨੇ ਕਮਿਊਨਿਟੀ ਆਗੂਆਂ ਨਾਲ ਹਾਵਰਡ ਕਾਊਂਟੀ ਦੇ ਵਿਕਾਸ ਅਤੇ ਭਵਿੱਖੀ ਯੋਜਨਾਵਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਇਹ ਮੀਟਿੰਗ ਰਾਇਲ ਤਾਜ ਰੈਸਟੋਰੈਂਟ ਵਿੱਚ ਕੱਲ੍ਹ ਰਾਤ ਆਯੋਜਿਤ ਕੀਤੀ ਗਈ।ਮੀਟਿੰਗ ਦੌਰਾਨ ਡਾ.ਸੁਰਿੰਦਰ ਸਿੰਘ ਗਿੱਲ ਨੇ ਕਿਹਾ ਕਿ ਕਮਿਊਨਿਟੀ ਦੀ ਭਲਾਈ ਲਈ ਏਸ਼ੀਆਈ ਕਮਿਊਨਿਟੀ ਸੈਂਟਰ ਅਤੇ ਮਹਿਲਾਵਾਂ ਲਈ ਸ਼ੈਲਟਰ ਦੀ ਬਹੁਤ ਜ਼ਰੂਰਤ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਸਮਾਜ ਨੂੰ ਵੱਡਾ ਲਾਭ ਮਿਲੇਗਾ ਅਤੇ ਕਮਿਊਨਿਟੀ ਦੀਆਂ ਕਈ ਸਮੱਸਿਆਵਾਂ ਦਾ ਹੱਲ ਹੋ ਸਕੇਗਾ।
ਇਸ ਮੀਟਿੰਗ ਵਿੱਚ ਡੀਐਮਵੀ ਦੇ ਆਗੂ ਦਵਿੰਦਰ ਗਿੱਲ, ਜਸਵਿੰਦਰ ਸਿੰਘ ਗਿੱਲ ਅਤੇ ਬਲਜੀਤ ਸਿਮਘ ਚੀਮਾ ਵੀ ਸ਼ਾਮਲ ਹੋਏ ਅਤੇ ਕਮਿਊਨਿਟੀ ਨਾਲ ਜੁੜੇ ਮਸਲਿਆਂ ’ਤੇ ਆਪਣੇ ਵਿਚਾਰ ਸਾਂਝੇ ਕੀਤੇ।ਡਾ. ਗਿੱਲ ਨੇ ਬਾਬ ਕੋਕੀ ਨੂੰ ਅਪੀਲ ਕੀਤੀ ਕਿ ਉਹ 13 ਮਾਰਚ ਨੂੰ ਦੇਸੀ ਨਵੇਂ ਸਾਲ ਦੀ ਈਵ ਮੌਕੇ ਗੁਰਦੁਆਰਾ ਸਾਹਿਬ ਵਿੱਚ ਹੋਣ ਵਾਲੇ ਸਮਾਗਮ ਵਿੱਚ ਕਮਿਊਨਿਟੀ ਨੂੰ ਸੰਬੋਧਨ ਕਰਨ। ਬਾਬ ਕੋਕੀ ਨੇ ਕਮਿਊਨਿਟੀ ਨਾਲ ਮਿਲ ਕੇ ਕੰਮ ਕਰਨ ਦੀ ਇੱਛਾ ਜਤਾਈ ਅਤੇ ਹਾਵਰਡ ਕਾਊਂਟੀ ਦੇ ਵਿਕਾਸ ਲਈ ਸਹਿਯੋਗ ਦਾ ਭਰੋਸਾ ਦਿੱਤਾ।

# ਮਾਵਾਂ-ਧੀਆਂ ਦਾ ਸਤਿਕਾਰ
# 1000 ਰੁਪਏ ਮਹੀਨਾ ਅਤੇ ਮੁਫ਼ਤ ਬੱਸ ਸਫ਼ਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਵਿਧਾਨ ਸਭਾ ’ਚ ਅੱਜ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿੱਤੀ ਸਾਲ 2026-27 ਲਈ 2,60,437 ਕਰੋੜ ਰੁਪਏ ਦਾ ਬਜਟ ਪੇਸ਼ ਕੀਤਾ ਹੈ। ਚੀਮਾ ਨੇ ਅੱਜ ਦਾ ਬਜਟ ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਿਤ ਕੀਤਾ। ਉਨ੍ਹਾਂ ਇਸ ਦੌਰਾਨ ਹੜ੍ਹਾਂ ’ਚ ਪੰਜਾਬੀਆਂ ਵੱਲੋ ਦਿਖਾਈ ਦਲੇਰੀ ਦੀ ਸ਼ਲਾਘਾ ਕੀਤੀ। ‘ਆਪ’ ਸਰਕਾਰ ਨੇ ਆਖ਼ਰੀ ਤੇ ਪੰਜਵਾਂ ਬਜਟ ‘ਦਲਿਤਾਂ ਤੇ ਔਰਤਾਂ’ ’ਤੇ ਕੇਂਦਰਿਤ ਕੀਤਾ ਹੈ। ਅਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦਾ ਬਜਟ ’ਤੇ ਸਪਸ਼ਟ ਪਰਛਾਵਾਂ ਪਿਆ ਹੈ।
ਇਸ ਮੌਕੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਵਿਧਾਨ ਸਭਾ ਵਿੱਚ ਔਰਤਾਂ ਦੇ ਆਰਥਿਕ ਸਸ਼ਕਤੀਕਰਨ ਲਈ ਸੂਬੇ ਦੇ ਇਤਿਹਾਸ ਦੀ ਸਭ ਤੋਂ ਵੱਡੀ ਸਕੀਮ ‘ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ’ ਦਾ ਐਲਾਨ ਕੀਤਾ ਹੈ। ਇਸ ਸਕੀਮ ਤਹਿਤ 18 ਸਾਲ ਤੋਂ ਵੱਧ ਉਮਰ ਦੀਆਂ ਸੂਬੇ ਦੀਆਂ ਸਾਰੀਆਂ ਬਾਲਗ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਖ਼ਾਸ ਤੌਰ ’ਤੇ ਅਨੁਸੂਚਿਤ ਜਾਤੀ ਨਾਲ ਸਬੰਧਤ ਔਰਤਾਂ ਲਈ ਇਹ ਰਾਸ਼ੀ 1,500 ਰੁਪਏ ਪ੍ਰਤੀ ਮਹੀਨਾ ਨਿਰਧਾਰਿਤ ਕੀਤੀ ਗਈ ਹੈ।
ਵਿੱਤ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਹ ਰਾਸ਼ੀ ਸਿੱਧੇ ਤੌਰ ’ਤੇ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾਵੇਗੀ ਹਾਲਾਂਕਿ ਇਸ ਸਕੀਮ ਚੋ ਮੌਜੂਦਾ ਅਤੇ ਸਾਬਕਾ ਰੈਗੂਲਰ ਕਰਮਚਾਰੀਆਂ, ਮੌਜੂਦਾ ਅਤੇ ਸਾਬਕਾ ਐਮਪੀ, ਵਿਧਾਇਕਾਂ ਤੋ ਇਲਾਵਾ ਇਨਕਮ ਟੈਕਸ ਭਰਨ ਵਾਲਿਆਂ ਨੂੰ ਬਾਹਰ ਰੱਖਿਆ ਗਿਆ ਹੈ। ਇਸ ਸਕੀਮ ਲਈ ਬੁਢਾਪਾ ਪੈਨਸ਼ਨ, ਵਿਧਵਾ ਪੈਨਸ਼ਨ ਅਤੇ ਅਪੰਗਤਾ ਪੈਨਸ਼ਨ ਲੈਣ ਵਾਲੀਆਂ ਔਰਤਾਂ ਵੀ ਯੋਗ ਹੋਣਗੀਆ। ਦੱਸ ਦਈਏ ਕਿ ਪੰਜਾਬ ਵਿਧਾਨ ਸਭਾ ਦੇ ਇਤਿਹਾਸ ’ਚ ਪਹਿਲੀ ਵਾਰ ਹੋਇਆ ਹੈ ਕਿ ਬਜਟ ਐਤਵਾਰੀ ਛੁੱਟੀ ਵਾਲੇ ਦਿਨ ਪੇਸ਼ ਕੀਤਾ ਗਿਆ ਹੋਵੇ। ‘ਆਪ’ ਸਰਕਾਰ ਨੇ ਇਸ ਵਾਰ ਬਜਟ ਪੇਸ਼ ਕਰਨ ਲਈ ਕੌਮਾਂਤਰੀ ਮਹਿਲਾ ਦਿਵਸ ਨੂੰ ਚੁਣਿਆ ਹੈ।

# ਔਰਤਾਂ ਨੂੰ 1000 ਰੁਪਏ ਦੇਣ ਲਈ 13 ਅਪ੍ਰੈਲ ਤੋਂ ਰਜਿਸਟ੍ਰੇਸ਼ਨ ਸ਼ੁਰੂ: ਭਗਵੰਤ ਮਾਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਧਾਨ ਸਭਾ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਵਿੱਚ ਔਰਤਾਂ ਨੂੰ 1000 ਰੁਪਏ ਮਹੀਨਾ ਦੇਣ ਲਈ 13 ਅਪ੍ਰੈਲ ਵਿਸਾਖੀ ਵਾਲੇ ਦਿਨ ਤੋਂ ਰਜਿਸਟ੍ਰੇਸ਼ਨ ਸ਼ੁਰੂ ਕੀਤੀ ਜਾਵੇਗੀ। ਇਸ ਤੋਂ ਬਾਅਦ ਜਲਦ ਹੀ ਔਰਤਾਂ ਨੂੰ ਇੱਕ-ਇੱਕ ਹਜ਼ਾਰ ਰੁਪਏ ਮਹੀਨਾ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨਾਲ ਜਿਹੜੇ ਵਾਅਦੇ ਕੀਤੇ ਸੀ ਉਹ ਪਹਿਲੇ ਚਾਰ ਸਾਲਾਂ ਵਿੱਚ ਪੂਰੇ ਕਰ ਦਿੱਤੇ ਹਨ। ਉਹਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਹਮੇਸ਼ਾ ਹੀ ਖਜ਼ਾਨੇ ਖਾਲੀ ਹੋਣ ਦੇ ਦਾਅਵੇ ਕੀਤੇ ਜਾਂਦੇ ਸੀ ਪਰ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਦੇ ਪੈਸੇ ਦੀ ਸਹੀ ਵਰਤੋਂ ਕੀਤੀ ਹੈ ਅਤੇ ਲੋਕ ਹਿੱਤ ਵਿੱਚ ਪੈਸੇ ਖਰਚ ਕੀਤੇ ਹਨ।

Space available for Ad
Contact # +1 (209) 303-1260

# ਮੈਰੀਲੈਂਡ ਵਿੱਚ ਰਹਿਣਸਬਾਈ ਕੀਰਤਨ ਨਾਲ ਸੰਗਤਾਂ ਨਿਹਾਲ




ਮੈਰੀਲੈਂਡ
ਮਾਣਕੂ

ਮੈਰੀਲੈਂਡ ਵਿੱਚ ਕਰਵਾਏ ਗਏ ਰਹਿਣਸਬਾਈ ਕੀਰਤਨ ਸਮਾਗਮ ਨੇ ਸੰਗਤਾਂ ਵਿੱਚ ਗੁਰਬਾਣੀ ਦੀ ਮਹਿਮਾ ਦਾ ਅਥਾਹ ਪਿਆਰ ਬਖ਼ਸ਼ਿਆ। ਇਸ ਪਵਿੱਤਰ ਸਮਾਗਮ ਦੌਰਾਨ ਵੱਖ-ਵੱਖ ਕੀਰਤਨ ਜਥਿਆਂ ਨੇ ਰਸਭਰੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਗੁਰੂ ਦੀ ਬਾਣੀ ਨਾਲ ਜੋੜਿਆ। ਵਿਦਿਆਰਥੀ ਜਥਿਆਂ ਨੇ ਵੀ ਸ਼ਿਰਕਤ ਕਰਦਿਆਂ ਕੀਰਤਨ ਰਾਹੀਂ ਸਮਾਗਮ ਵਿੱਚ ਗੂੜਾ ਰੰਗ ਭਰਿਆ, ਜਿਸ ਨਾਲ ਸੰਗਤਾਂ ਵਿੱਚ ਖ਼ਾਸ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਉਪਰਾਲੇ ਦੇ ਪ੍ਰੇਰਕ ਭਾਈ ਗੁਰਦੀਪ ਸਿੰਘ ਨੇ ਬਾਣੀ ਅਤੇ ਬਾਣੇ ਨਾਲ ਜੋੜਨ ਦਾ ਉੱਘਾ ਸੰਦੇਸ਼ ਦਿੱਤਾ, ਜਿਸ ਨੇ ਬੱਚਿਆਂ, ਬੱਚੀਆਂ, ਬੁੱਢਿਆਂ ਅਤੇ ਬੀਬੀਆਂ ਸਭ ਵਿੱਚ ਨਵਾਂ ਜੋਸ਼ ਭਰ ਦਿੱਤਾ। ਸਮਾਗਮ ਦੌਰਾਨ ਸਿਲਵਰ ਸਪ੍ਰਿੰਗ ਸਥਿਤ ਗੁਰੂ ਨਾਨਕ ਫਾਊਂਡੇਸ਼ਨ ਗੁਰੂਘਰ ਵਿੱਚ ਸੰਗਤਾਂ ਦਾ ਤਾਂਤਾ ਲੱਗਿਆ ਰਿਹਾ ਅਤੇ ਲੰਗਰਾਂ ਦੀ ਅਥਾਹ ਸੇਵਾ ਵੀ ਲਗਾਤਾਰ ਚੱਲਦੀ ਰਹੀ। ਸੰਗਤਾਂ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਦਿਆਂ ਗੁਰੂ ਘਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।




ਸੁਆਦ ਜੋ ਦਿਲ ਜਿੱਤ ਲਵੇ !
'Sidhu Catering'
ਵਿਆਹ ਸ਼ਾਦੀ, ਰਿਸੈਪਸ਼ਨ, ਜਨਮਦਿਨ, ਧਾਰਮਿਕ ਸਮਾਗਮ
ਅਨੰਦ ਕਾਰਜ ਜਾਂ ਹੋਵੇ ਕੋਈ ਹੋਰ ਖੁਸ਼ੀ ਦਾ ਮੌਕਾ
1000 ਤੋਂ ਵੱਧ ਬੰਦਿਆਂ ਤੱਕ ਦੀ ਪੂਰੀ Catering ਉਪਲਬਧ
ਸ਼ੁੱਧ ਅਤੇ ਸੁਆਦੀ ਖਾਣਾ
ਟਿਫ਼ਨ ਸਰਵਿਸ ਉਪਲਬਧ ਹੈ
ਹਰ ਕਿਸਮ ਦੀ ਕਰਵਾਓ ਮਠਿਆਈ ਅਤੇ ਸੀਰਨੀ ਤਿਆਰ
ਅਸੀਂ ਕਰਾਂਗੇ ' ਹਰ ਕਿਸੇ ਦੇ ਰੇਟ ਨੂੰ ਬੀਟ '
California ਵਿੱਚ ਕਿਤੇ ਵੀ ਪਾਓ Catering ਦੀ ਸੇਵਾ
'Sidhu Catering' - ਤੁਹਾਡੇ ਪ੍ਰੋਗਰਾਮ ਨੂੰ ਬਣਾਵੇ ਯਾਦਗਾਰ !
ਅੱਜ ਹੀ ਕਾਲ ਕਰੋ ਤੇ ਆਪਣੀ Booking ਬੁਕਿੰਗ ਕਰਵਾਓ
ਸੰਪਰਕ ਨੰਬਰ ਨੋਟ ਕਰ ਲਓ : (559) 283-1311 | (510) 230-6107


ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ
HOPE
IMMIGRATION
Where Hope Meets
IMMIGRATION OPPORTUNITIES
USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS
INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES
WE CAN HELP YOU WORK AND SETTLE IN COUNTRIES WORLDWIDE ALSO
ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ
ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630
WEBSITE : www.hopeimmigration.net | Email : help@hopeimmigration.net
ਅਸੀਂ California State ਦੇ Bonded Immigration Consultant ਹਾਂ
ADDRESS : 2953 W CAPITOL AVE WEST SACRAMENTO, CA 95691
ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


Pal Films Production
All Your Photo/Videography & Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# ਜੀ.ਐਚ.ਜੀ ਅਕੈਡਮੀ ਦੇ ਪਲੇਠੇ ਅੰਤਰ ਅਕੈਡਮੀ ਪ੍ਰੋਗਰਾਮ ਨੇ ਛੱਡੀਆਂ ਅਮਿੱਟ ਪੈੜਾਂ

ਫਰਿਜ਼ਨੋ
ਕੁਲਵੰਤ ਧਾਲੀਆਂ,ਨੀਟਾ ਮਾਛੀਕੇ

ਜੀ.ਐਚ.ਜੀ. ਅਕੈਡਮੀਂ ਫਰਿਜ਼ਨੋ ਵੱਲੋਂ ਬੱਚਿਆਂ ਸਿਖਲਾਈ ਪ੍ਰਾਪਤ ਬੱਚਿਆਂ ਦਾ ਪਲੇਠਾ ਅੰਤਰ-ਅਕੈਡਮੀਂ ਗਿੱਧਾ-ਭੰਗੜਾ ਪ੍ਰੋਗਰਾਮ ਫਰਿਜ਼ਨੋ ਦੇ ਗਲੇਸੀਅਰ ਪੌਇੰਟ ਮਿਡਲ ਸਕੂਲ ਵਿਖੇ ਕਰਵਾਇਆ ਗਿਆ। ਇਹ ਪ੍ਰੋਗਰਾਮ ਸਮੁੱਚੇ ਤੌਰ ਤੇ ਅਕੈਡਮੀਂ ਦੇ ਫਾਉਡਰ ਡਾ. ਦਲਜਿੰਦਰ ਸਿੰਘ ਜੌਹਲ ਦੀ ਦੇਣ ਅਤੇ ਨਿੱਘੀ ਯਾਦ ਨੂੰ ਸਮਰਪਿਤ ਕੀਤਾ ਗਿਆ ਸੀ।

ਜਿਸ ਦੀ ਸ਼ੁਰੂਆਤ ਡਾਕਟਰ ਦਲਜਿੰਦਰ ਸਿੰਘ ਜੀ ਜੌਹਲ ਨੂੰ ਸਰਧਾਂਜਲੀ ਭੇਟ ਕਰਦਿਆਂ ਇੱਕ ਮਿੰਟ ਦਾ ਮੌਨ ਧਾਰਨ ਕਰਕੇ ਕੀਤੀ। ਇਸ ਪ੍ਰੋਗਰਾਮ ਵਿਚ ਵੱਡੀ ਗਿਣਤੀ ਵਿੱਚ ਸਿੱਖਿਆ ਲੈ ਰਹੇ ਬੱਚੇ, ਮਾਪਿਆਂ, ਕੋਚਾਂ ਅਤੇ ਪ੍ਰਬੰਧਕੀ ਬੋਰਡ ਦੇ ਮੈਂਬਰ ਸਾਹਿਬਾਨਾਂ ਨੇ ਹਿੱਸਾ ਲਿਆ। ਜਿਸ ਦੌਰਾਨ ਸਟੇਜ਼ ਸੰਚਾਲਨ ਜਸਪ੍ਰੀਤ ਸਿੰਘ ਸਿੱਧੂ ਅਤੇ ਗੁਰਦੀਪ ਸਿੰਘ ਸ਼ੇਰਗਿੱਲ ਨੇ ਬਹੁਤ ਹੀ ਸਾਇਰਨਾਂ ਅੰਦਾਜ ਵਿੱਚ ਕਰਦਿਆਂ ਤਰਤੀਬ ਵਿੱਚ ਕਰਦਿਆਂ ਦਰਸ਼ਕਾਂ ਦਾ ਮਨੋਰੰਜਨ ਵੀ ਕੀਤਾ।

ਇਸ ਸਮੇਂ ਅਕੈਡਮੀਂ ਦੇ ਯੂਥ ਵਿੰਗ ਦਾ ਪਰਿਵਾਰਾਂ ਅਤੇ ਬੱਚਿਆਂ ਦੀ ਆਪਸੀ ਸਾਂਝ ਨੂੰ ਵਧੇਰੇ ਮਜ਼ਬੂਤ ਕਰਨ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾ ਯੋਗ ਹੈ। ਸਾਰੇ ਸਿੱਖਿਆ ਪ੍ਰਾਪਤ ਕਰ ਰਹੇ ਬੱਚਿਆਂ ਨੇ ਆਪਣੀ ਕਲਾ ਦਾ ਪ੍ਰਦਰਸ਼ਨ ਬਹੁਤ ਹੀ ਪ੍ਰਭਾਵਸ਼ਾਲੀ ਤਰੀਕੇ ਨਾਲ ਕੀਤਾ। ਬੱਚਿਆਂ ਦੀਆਂ ਸਾਰੀਆਂ ਟੀਮਾਂ ਨੇ ਆਪਣੀ ਕਲਾ ਦੀ ਪ੍ਰਦਰਸ਼ਨੀ ਨਾਲ ਵੱਡੀ ਗਿਣਤੀ ਵਿੱਚ ਜੁੜ ਬੈਠੇ ਸਰੋਤਿਆਂ ਨੂੰ ਮੰਤਰ-ਮੁਗਧ ਕਰ ਦਿੱਤਾ।

ਸਾਰਾ ਸਮਾਂ ਹਾਲ ਤਾੜੀਆਂ ਨਾਲ ਗੂੰਜਦਾ ਰਿਹਾ। ਜਸਪ੍ਰੀਤ ਸਿੱਧੂ ਜੋ ਸੀਨੀਅਰ ਕੋਚ ਅਤੇ ਅਕੈਡਮੀ ਦਾ ਮੁਢਲਾ ਵਿਦਿਆਰਥੀ ਵੀ ਹੈ, ਨੇ ਆਪਣੇ ਤਜਰਬੇ ਸਾਂਝੇ ਕਰਕੇ ਬੱਚਿਆਂ ਵਿੱਚ ਪ੍ਰੇਰਨਾ ਭਰੀ ਅਤੇ ਦੱਸਿਆ ਕਿ ਉਹ ਆਉਣ ਵਾਲੇ ਸਮੇਂ ਦੇ ਚਮਕਦੇ ਸਿਤਾਰੇ ਹਨ। ਅਕੈਡਮੀ ਦੇ ਮੁੱਖ ਬੁਲਾਰੇ ਗੁਰਦੀਪ ਸਿੰਘ ਸ਼ੇਰਗਿੱਲ ਨੇ ਦੱਸਿਆ ਕਿ ਜਿਸ ਮਕਸਦ ਅਤੇ ਟੀਚੇ ਨੂੰ ਲੈ ਕੇ ਅਕੈਡਮੀਂ ਦਾ ਪੁਨਰਗਠਨ ਕੀਤਾ ਗਿਆ ਸੀ, ਉਹ ਪੂਰਾ ਹੋ ਗਿਆ ਹੈ। ਇਹ ਬੱਚਿਆਂ ਨੂੰ ਸਮਰਪਿਤ ਇੱਕ ਸੰਸਥਾ ਹੈ, ਜਿਸ ਨੂੰ ਹਰ ਇਕ ਖੇਤਰ ਵਿੱਚ ਅਕੈਡਮੀਂ ਦਾ ਯੂਥ ਵਿੰਗ ਹੀ ਚਲਾਉਂਦਾ ਹੈ। ਸਾਰੀਆਂ ਸੇਵਾਵਾਂ ਪੂਰੀ ਤਰ੍ਹਾਂ ਬੱਚਿਆਂ ਨੂੰ ਸਮਰਪਿਤ ਹਨ।



ਨੈਨਦੀਪ ਸਿੰਘ ਚੰਨ ਅਤੇ ਮਾਣਯੋਗ ਭੈਣ ਜੀ ਹਰਿੰਦਰ ਕੌਰ ਰਾਏ ਜੋ ਸੈਂਟਰਲ ਵੈਲੀ ਵਿੱਚ ਵੱਖ ਵੱਖ-ਵਿਦਿਅਕ ਅਦਾਰਿਆਂ ਵਿੱਚ ਬੱਚਿਆਂ ਨੂੰ ਪੰਜਾਬੀ ਭਾਸ਼ਾ ਪੜ੍ਹਾਉਂਦੇ ਹਨ ਨੇ ਅਕੈਡਮੀ ਬਾਰੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅਸੀਂ ਬਹੁਤ ਹੀ ਖੁਸ਼ਕਿਸਮਤ ਹਾਂ ਕਿ ਇਹ ਸੰਸਥਾ ਸਾਡੇ ਸ਼ਹਿਰ ਫਰਿਜ਼ਨੋ ਵਿੱਚ ਬਹੁਤ ਹੀ ਲੰਮੇ ਸਮੇਂ ਤੋਂ ਸਾਡੀ ਨਵੀਂ ਪੀੜ੍ਹੀ ਨੂੰ ਪੰਜਾਬ, ਪੰਜਾਬੀ, ਪੰਜਾਬੀਅਤ ਅਤੇ ਸਾਡੇ ਅਮੀਰ ਸੱਭਿਆਚਾਰ ਨਾਲ ਜੋੜਨ ਲਈ ਬਹੁਤ ਹੀ ਮਿਹਨਤ ਅਤੇ ਸ਼ਿੱਦਤ ਨਾਲ ਪੂਰੀ ਤਰ੍ਹਾਂ ਯਤਨਸ਼ੀਲ ਹੈ।

ਇਸ ਪ੍ਰੋਗਰਾਮ ਦੀ ਵਿੱਤੀ ਸਹਾਇਤਾ ਕਰਨ ਵਾਲੇ ਦਾਨੀ ਵਿਅਕਤੀਆਂ ਦਾ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਧੰਨਵਾਦ ਅਤੇ ਸਨਮਾਨ ਵੀ ਕੀਤਾ ਗਿਆ। ਅਕੈਡਮੀਂ ਦੇ ਸਟੂਡੀਓ ਵਿਖੇ ਵਿਖੇ ਸਾਰਾ ਸਾਲ ਸਿਖਲਾਈ ਕਲਾਸਾਂ ਵੀ ਚਲਾਈਆਂ ਜਾਂਦੀਆਂ ਹਨ। ਜਿਸ ਦਾ ਪਤਾ: 4434 W ASHLAN Ave Fresno, CA ਹੈ। ਜਿਸ ਵਿੱਚ ਚਾਹਵਾਨ ਪਰਿਵਾਰ ਆਪਣੇ ਬੱਚਿਆਂ ਨੂੰ ਪੰਜਾਬੀ ਮਾਂ ਬੋਲੀ, ਸੱਭਿਆਚਾਰ, ਪੰਜਾਬੀਅਤ ਅਤੇ ਵਿਰਾਸਤੀ ਜੜਾ ਨਾਲ ਜੋੜਨ ਲਈ ਅਕੈਡਮੀ ਦਾ ਹਿੱਸਾ ਬਣ ਸਕਦੇ ਹਨ।

# ਅੰਮ੍ਰਿਤਸਰ ਦੇ ਪਿੰਡ ਸਠਿਆਲਾ ਵਿੱਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ, ਪਵਿੱਤਰ ਅੰਗ ਗਲੀਆਂ ਵਿੱਚ ਮਿਲੇ

ਸਠਿਆਲਾ
ਬਲਰਾਜ ਸਿੰਘ ਰਾਜਾ

ਅੰਮ੍ਰਿਤਸਰ ਦੇ ਹਲਕਾ ਬਾਬਾ ਬਕਾਲਾ ਸਾਹਿਬ ਅਧੀਨ ਆਉਂਦੇ ਪਿੰਡ ਸਠਿਆਲਾ ਵਿੱਚ ਉਸ ਵੇਲੇ ਤਣਾਅ ਪੈਦਾ ਹੋ ਗਿਆ ਜਦੋਂ ਸਵੇਰੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਧਾਮ ਵਿਖੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦਾ ਮਾਮਲਾ ਸਾਹਮਣੇ ਆਇਆ। ਜਿਵੇਂ ਹੀ ਪਿੰਡ ਵਾਸੀਆਂ ਨੂੰ ਇਸ ਘਟਨਾ ਬਾਰੇ ਪਤਾ ਲੱਗਿਆ ਤਾਂ ਪਿੰਡ ਵਿੱਚ ਭਾਰੀ ਗੁੱਸੇ ਅਤੇ ਦੁੱਖ ਦਾ ਮਾਹੌਲ ਬਣ ਗਿਆ। ਮਿਲੀ ਜਾਣਕਾਰੀ ਅਨੁਸਾਰ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ ਅੰਗ ਗਲੀਆਂ ਵਿੱਚ ਬਿਖਰੇ ਹੋਏ ਮਿਲੇ। ਗੁਰਦੁਆਰਾ ਸਾਹਿਬ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਦੌਰਾਨ ਸਾਹਮਣੇ ਆਇਆ ਕਿ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਤਾਰਾਂ ਕੱਟ ਕੇ ਗੁਰਦੁਆਰਾ ਸਾਹਿਬ ਦੇ ਪਰਿਸਰ ਵਿੱਚ ਦਾਖਲ ਹੋ ਕੇ ਤੋੜਫੋੜ ਕੀਤੀ ਗਈ। ਇਸ ਘਟਨਾ ਨਾਲ ਪਿੰਡ ਵਿੱਚ ਸਨਸਨੀ ਫੈਲ ਗਈ ਅਤੇ ਵੱਡੀ ਗਿਣਤੀ ਵਿੱਚ ਲੋਕ ਮੌਕੇ 'ਤੇ ਇਕੱਠੇ ਹੋ ਗਏ।



ਪਿੰਡ ਵਾਸੀਆਂ ਨੇ ਤੁਰੰਤ ਇਸ ਸਬੰਧੀ ਪੁਲਿਸ ਨੂੰ ਸੂਚਨਾ ਦਿੱਤੀ। ਜਾਣਕਾਰੀ ਮਿਲਦੇ ਹੀ ਸਵੇਰੇ ਕਰੀਬ 7:30 ਵਜੇ ਪੁਲਿਸ ਦੀ ਟੀਮ ਮੌਕੇ 'ਤੇ ਪਹੁੰਚ ਗਈ। ਬਾਬਾ ਬਕਾਲਾ ਦੇ ਡੀਐਸਪੀ ਅਰੁਣ ਸ਼ਰਮਾ ਆਪਣੇ ਦਲ ਸਮੇਤ ਘਟਨਾ ਸਥਲ 'ਤੇ ਪਹੁੰਚੇ ਅਤੇ ਗੁਰਦੁਆਰਾ ਸਾਹਿਬ ਅਤੇ ਆਸਪਾਸ ਦੇ ਇਲਾਕੇ ਦਾ ਜਾਇਜ਼ਾ ਲਿਆ। ਪੁਲਿਸ ਵੱਲੋਂ ਗੁਰਦੁਆਰਾ ਸਾਹਿਬ ਦੇ ਸੀਸੀਟੀਵੀ ਫੁਟੇਜ ਅਤੇ ਹੋਰ ਸਬੂਤ ਆਪਣੇ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਤਾਂ ਜੋ ਦੋਸ਼ੀਆਂ ਦੀ ਪਹਿਚਾਣ ਕਰਕੇ ਉਨ੍ਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ। ਇਸ ਘਟਨਾ ਨਾਲ ਨਾ ਸਿਰਫ਼ ਪਿੰਡ ਵਾਸੀਆਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ, ਸਗੋਂ ਇਲਾਕੇ ਦੇ ਸ਼ਰਧਾਲੂਆਂ ਵਿੱਚ ਵੀ ਗਹਿਰਾ ਦੁੱਖ ਅਤੇ ਗੁੱਸਾ ਵੇਖਣ ਨੂੰ ਮਿਲ ਰਿਹਾ ਹੈ। ਸਥਾਨਕ ਪ੍ਰਸ਼ਾਸਨ ਵੱਲੋਂ ਵੀ ਮੌਕੇ ਦਾ ਦੌਰਾ ਕਰਕੇ ਲੋਕਾਂ ਨੂੰ ਭਰੋਸਾ ਦਿਵਾਇਆ ਗਿਆ ਹੈ ਕਿ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਕੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧੀ ਗੱਲਬਾਤ ਦੌਰਾਨ ਐਸ ਐਚ ਓ ਬਿਆਸ ਗੁਰਵਿੰਦਰ ਸਿੰਘ ਨੇ ਕਿਹਾ ਕਿ ਉਕਤ ਘਟਨਾ ਸਬੰਧੀ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ਼ ਕਰਕੇ ਅਗਲੇਰੀ ਜਾਂਚ ਪੜਤਾਲ ਕੀਤੀ ਜਾ ਰਹੀ ਹੈ।

## ਦਮਦਮੀ ਟਕਸਾਲ ਨੇ ਸਠਿਆਲਾ ਵਿਖੇ ਹੋਈ ਬੇਅਦਬੀ ਦਾ ਲਿਆ ਸਖ਼ਤ ਨੋਟਿਸ

# ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗਾਂ ਦੀ ਬੇਅਦਬੀ ਕਰਨ ਵਾਲੇ ਨੂੰ ਮਿਲੇ ਮਿਸਾਲੀ ਸ਼ਜ੍ਹਾ- ਸੰਤ ਗਿ.ਹਰਨਾਮ ਸਿੰਘ ਖਾਲਸਾ


ਸਠਿਆਲਾ
ਬਲਰਾਜ ਸਿੰਘ ਰਾਜਾ

ਪਿੰਡ ਸਠਿਆਲਾ ਦੇ ਇਤਿਹਾਸਕ ਅਸਥਾਨ ਗੁਰਦੁਆਰਾ ਨੌਵੀਂ ਪਾਤਿਸ਼ਾਹੀ ਧੜੇਆਣਾ ਸਾਹਿਬ ਵਿਖੇ ਬੀਤੇਂ ਦਿਨੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੀ ਬੇਅਦਬੀ ਦਾ ਜੋ ਮਾਮਲਾ ਸਾਹਮਣੇ ਆਇਆ ਹੈ,ਉਸਦਾ ਸਖਤ ਨੋਟਿਸ ਲੈਂਦਿਆਂ ਅੱਜ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੇ ਆਦੇਸ਼ਾਂ 'ਤੇ ਦਮਦਮੀ ਟਕਸਾਲ ਦੇ ਜ਼ਿੰਮੇਵਾਰ ਸਿੰਘਾਂ ਨੇ ਵਾਪਰੀ ਘਟਨਾ ਦਾ ਜ਼ਾਇਜ਼ਾ ਲਿਆ ਤੇ ਇਸ ਸਬੰਧੀ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਤੇ ਪਿੰਡ ਦੇ ਮੋਹਤਬਰਾਂ ਨਾਲ ਗੱਲਬਾਤ ਕੀਤੀ। ਮੁੰਬਈ ਤੋਂ ਪ੍ਰੈਸ ਨੋਟ ਜਾਰੀ ਕਰਦੇ ਹੋਏ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਇਸ ਮੰਦਭਾਗੀ ਘਟਨਾ ਦੀ ਸਖਤ ਸ਼ਬਦਾਂ 'ਚ ਨਿਖੇਧੀ ਕਰਦੇ ਹੋਏ ਕਿਹਾ ਕਿ ਪ੍ਰਸ਼ਾਸ਼ਨ ਇਸ ਮਸਲੇ ਨੂੰ ਪੂਰੀ ਗੰਭੀਰਤਾ ਨਾਲ ਲੈਂਦੇ ਹੋਏ ਫੜ੍ਹੇ ਗਏ ਮੁਜ਼ਰਮ ਦੀ ਚੰਗੀ ਤਰ੍ਹਾਂ ਘੋਖ ਪੜਤਾਲ ਕਰੇ ਤੇ ਪਤਾ ਲਗਾਵੇ ਕਿ ਇਸ ਗਲਤ ਹਰਕਤ ਪਿੱਛੇ ਦਾ ਅਸਲ ਸੱਚ ਕੀ ਹੈ ਤੇ ਕੌਣ ਸ਼ਰਾਰਤੀ ਦਿਮਾਗ ਅਜਿਹੇ ਘਟੀਆ ਮਨਸੂਬਿਆਂ ਨੂੰ ਅੰਜ਼ਾਮ ਦੇ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਘਟਨਾ ਨੇ ਹਰ ਇੱਕ ਸਿੱਖ ਦਾ ਹਿਰਦਾ ਬੁਰੀ ਤਰ੍ਹਾਂ ਵਲੂੰਧਰਿਆਂ ਹੈ ਤੇ ਅਜਿਹੇ ਵਰਤਾਰੇ ਨੂੰ ਕਦੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ ।ਇਸ ਲਈ ਸਰਕਾਰ ਦਾ ਮੁੱਢਲਾ ਫਰਜ਼ ਬਣਦਾ ਹੈ ਕਿ ਅਜਿਹੀਆਂ ਘਟਨਾਵਾਂ ਨੂੰ ਹਰ ਹੀਲੇ ਨੱਥ ਪਾਈ ਜਾਵੇ।ਦਮਮਦੀ ਟਕਸਾਲ ਮੁਖੀ ਨੇ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਇਸ ਘਟਨਾ ਦੀ ਉੱਚ ਪੱਧਰੀ ਜਾਂਚ ਪੜਤਾਲ ਕੀਤੀ ਜਾਵੇ ਤੇ ਫਾਸਟ ਟ੍ਰੈਕ 'ਚ ਅਦਾਲਤੀ ਕੇਸ ਚਲਾ ਕੇ ਦੋਸ਼ੀ ਨੂੰ ਇੱਕ ਮਿਸਾਲੀ ਸ਼ਜ੍ਹਾ ਦਿੱਤੀ ਜਾਵੇ ।ਘਟਨਾ ਸਥਾਨ 'ਤੇ ਪੁੱਜੇ ਜਥੇਦਾਰ ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ,ਗਿਆਨੀ ਸਾਹਬ ਸਿੰਘ,ਪ੍ਰਿੰ.ਹਰਸ਼ਦੀਫ ਸਿੰਘ ਰੰਧਾਵਾ,ਡਾ.ਅਵਤਾਰ ਸਿੰਘ ਬੁੱਟਰ ,ਸਰਪੰਚ ਕਸ਼ਮੀਰ ਸਿੰਘ ,ਬਾਬਾ ਬੋਹੜ ਸਿੰਘ ਤੇ ਪ੍ਰਿੰ. ਜੋਬਨਪ੍ਰੀਤ ਸਿੰਘ ਨੇ ਕਿਹਾ ਕਿ ਦੋਸ਼ੀ ਨੂੰ ਸਖਤ ਤੋਂ ਸਖਤ ਸਜ੍ਹਾਂ ਦਿਵਾਉਣ ਲਈ ਦਮਦਮੀ ਟਕਸਾਲ ਵੱਲੋਂ ਪ੍ਰਸ਼ਾਸ਼ਨ ਤੇ ਸੰਗਤਾਂ ਦਾ ਹਰ ਪੱਖੋਂ ਸਾਥ ਦਿੱਤਾ ਜਾਵੇਗਾ।



Space available for Ad
Contact # +1 (209) 303-1260


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702




# CALIFORNIA
## IMMIGRATION SERVICES

YOUR REGISTERED & BONDED "IMMIGRATION-CONSULTANTS"

- FAMILY PETITION
- CITIZENSHIP
- GREEN CARD PETITION
- BUSINESS/VISITOR VISA
- STUDENT VISA
- CANADA VISA & P.R VARIOUS IMMIGRATION SERVICES



**LIVE SCAN SERVICE**
**FEE $25.00**
ROLLING FEE PER LIVE SCAN

**NOTARY SERVICES**
**FEE $10.00**

(408)422-8585 (510)573-3666

Fremont Office: 4127 Bay Street, Suite5
Manteca Office: 123 Sycamore Ave, Suite 201-E

www.caials.com
rosy@caials.com

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828

FAX: 916)258-0441, Cell: (916)308-7997

Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

**Lab. Ph:(916) 680-9293**

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com



# ਨਾਸਿਕ ਵਿੱਚ ਮਹਾਰਾਣੀ ਜਿੰਦ ਕੌਰ ਜੀ ਦੀ ਯਾਦ ਵਿੱਚ ਪਹਿਲਾ ਮਹਾਨ ਕੀਰਤਨ ਦੀਵਾਨ ਸਮਾਗਮ ਆਯੋਜਿਤ

ਨਾਸਿਕ
ਸਾਂਝੀ ਸੋਚ ਬਿਊਰੋ

ਸਿੱਖ ਇਤਿਹਾਸ ਦੀ ਮਹਾਨ ਸ਼ਖਸੀਅਤ ਮਹਾਰਾਣੀ ਜਿੰਦ ਕੌਰ ਜੀ ਦੀ ਯਾਦ ਨੂੰ ਸਮਰਪਿਤ ਪਹਿਲਾ ਮਹਾਨ ਕੀਰਤਨ ਦੀਵਾਨ ਨਾਸਿਕ ਵਿਖੇ ਬੜੀ ਸ਼ਰਧਾ ਅਤੇ ਭਾਵਨਾ ਨਾਲ ਆਯੋਜਿਤ ਕੀਤਾ ਗਿਆ। ਇਹ ਪਵਿੱਤਰ ਸਮਾਗਮ ਗੰਗਾਘਾਟ, ਪੰਚਵਟੀ ਸਥਿਤ ਮਹਾਰਾਣੀ ਜਿੰਦ ਕੌਰ ਜੀ ਸਮਾਰਕ ਸਥਲ 'ਤੇ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਾਮਿਲ ਹੋ ਕੇ ਗੁਰਬਾਣੀ ਕੀਰਤਨ ਦਾ ਅਨੰਦ ਮਾਣਿਆ।

ਇਹ ਸਮਾਗਮ ਉਸ ਪਵਿੱਤਰ ਸਥਾਨ 'ਤੇ ਆਯੋਜਿਤ ਕੀਤਾ ਗਿਆ ਜਿੱਥੇ ਮਹਾਰਾਣੀ ਜਿੰਦ ਕੌਰ ਜੀ ਦਾ ਅੰਤਿਮ ਸੰਸਕਾਰ ਕੀਤਾ ਗਿਆ ਸੀ। ਸਮਾਰਟ ਸਿਟੀ ਪ੍ਰੋਜੈਕਟ ਦੌਰਾਨ ਇਹ ਇਤਿਹਾਸਕ ਸਥਾਨ ਸਰਕਾਰ ਵੱਲੋਂ ਢਾਹ ਦਿੱਤਾ ਗਿਆ ਸੀ, ਪਰ ਸੰਗਤਾਂ ਅਤੇ ਬਾਬਾ ਰਣਜੀਤ ਸਿੰਘ ਜੀ ਦੇ ਯਤਨਾਂ ਨਾਲ ਇਸ ਪਵਿੱਤਰ ਥਾਂ ਨੂੰ ਦੁਬਾਰਾ ਤਿਆਰ ਕੀਤਾ ਗਿਆ। ਨਵੇਂ ਰੂਪ ਵਿੱਚ ਮੁੜ ਬਣੇ ਇਸ ਸਮਾਰਕ ਸਥਾਨ 'ਤੇ ਮਹਾਰਾਣੀ ਜਿੰਦ ਕੌਰ ਜੀ ਦੀ ਯਾਦ ਵਿੱਚ ਇਹ ਪਹਿਲਾ ਮਹਾਨ ਸਮਾਗਮ ਆਯੋਜਿਤ ਕੀਤਾ ਗਿਆ।

ਇਹ ਸਮਾਗਮ ਸੰਤ ਬਾਬਾ ਨਰਿੰਦਰ ਸਿੰਘ ਜੀ, ਸੰਤ ਬਾਬਾ ਬਲਜਿੰਦਰ ਸਿੰਘ ਜੀ ਅਤੇ ਜਥੇਦਾਰ ਬਾਬਾ ਰਣਜੀਤ ਸਿੰਘ ਜੀ ਗੁਰਦੁਆਰਾ ਗੁਪਤਸਰ ਸਾਹਿਬ ਪਾ:੧੦ ਮਨਮਾਡ ਅਤੇ ਨਾਸਿਕ ਡਿਸਟ੍ਰਿਕਟ ਯੂਨਾਈਟਿਡ ਗੁਰਦੁਆਰਾ ਕਮੇਟੀ ਦੇ ਸਹਿਯੋਗ ਨਾਲ ਉਲੀਕੇ ਗਏ।



